ALL STAR DRIVING SCHOOL
$10.00 ਪੰਜਾਬੀ ਗਾਈਡ ਇਥੇ ਮਿਲਦੀ ਹੈ
ਬੀਬੀਆਂ ਅਤੇ ਭੈਣਾਂ ਲਈ ਲੇਡੀ ਇੰਸਟਰਕਟਰ
KNOWLEDGE & DRIVING TESTS DONE HERE
24620 MILITARY RD S, KENT, WA 98032
Ph: 253-852-1996
WA STATE APPROVED SINCE 2004 www.allstardrivingschool.info

KALER TAX AND ACCOUNT LLC
Harjinder S. Kaler 206.551.6666
Personal And Business Tax Filling, 1099, W2 Immigration, Passport, Visa And Petition, Business Start, Obama Health Care Broker And All Other Applications Services
10618 SE 240 ST, SUITE 204, KENT, WA 98031 kalertax@gmail.com

ACCURATE ACCOUNTS AND TAXES
Contact For Business Accounting
Payroll
Tax Filling
Book Keeping
Other Paper Work
Immigration Consultancy
New Business Setup
Services
MOHINDER S. SOHAL
Cell: 206-841-1431
Buss: 253-520-8886
Email: mssohal@yahoo.com

ਕਨੇਡਾ ਅਤੇ ਅਮਰੀਕਾ ਵਿਚ ਸਭ ਤੋਂ ਵੱਧ ਪੜ੍ਹਿਆ ਜਾਣ ਵਾਲਾ ਹਰਮਨ ਪਿਆਰਾ ਪੰਜਾਬੀ ਹਫਤਾਵਾਰੀ ਅਖ਼ਬਾਰ
ਪੰਜਾਬ ਗਾਰਡੀਅਨ
PUNJAB GUARDIAN
ਆਓ ਪੰਜਾਬੀ ਮਾਂ ਬੋਲੀ ਦਾ ਮਾਣ ਵਧਾਈਏ
B.C Greater Vancouver, Fraser Valley, Victoria,Nanaimo Prince George, Kamloops, Kelowna, Oliver, Squamish
ALBERTA Edmonton Calgary
USA Greater Seattle, Everett, Marysville Portland, Bellingham, Belivue, Lyndon, Lynwood
sales@punjabguardian.com
www.punjabguardian.com
Tel: 604-590-5200 Fax:604-596-5700 Toll Free: 1-877-584-5200 Vol. 33, Issue No. 05, Ending Date:Jan 30, 2026

LOAN FACTORY
COMMERCIAL AND RESIDENTIAL LOANS
30Yr Fixed/Arm
SBA Loans
Bank Statement
Profit and Loss only
Construction Loans
Line of Credit
Jasdeep Singh
Loan Officer | NMLS 1900093
Cell: 253-223-3717

# ਸਿੱਖ ਕਤਲੇਆਮ ਦਾ ਦੋਸ਼ੀ ਸੱਜਣ ਕੁਮਾਰ ਬਰੀ

## ਸਰਕਾਰ ਅਤੇ ਅਦਾਲਤਾਂ ਦੱਸਣ ਫਿਰ 84 ਵਿੱਚ ਸਿੱਖਾਂ ਦਾ ਕਤਲੇਆਮ ਕਿਸ ਨੇ ਕੀਤਾ?:ਜਥੇ ਅਕਾਲ ਤਖ਼ਤ

ਨਵੀਂ ਦਿੱਲੀ(ਮਨਪ੍ਰੀਤ ਸਿੰਘ ਖਾਲਸਾ):ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਦਿੱਲੀ ਦੀ ਰਾਊਜ਼ ਐਵਨਿਊ ਅਦਾਲਤ ਵੱਲੋਂ ਨਵੰਬਰ 1984 ਸਿੱਖ ਕਤਲੇਆਮ ਦੇ ਜਨਕਪੁਰੀ ਨਾਲ ਸਬੰਧਤ ਇੱਕ ਮਾਮਲੇ ਵਿੱਚ ਕਾਂਗਰਸੀ ਆਗੂ ਸੱਜਣ ਕੁਮਾਰ ਨੂੰ ਬਰੀ ਕਰਨ ਦੇ ਫ਼ੈਸਲੇ ਉੱਤੇ ਸਵਾਲ ਕੀਤਾ ਕਿ ਸਰਕਾਰ ਅਤੇ ਅਦਾਲਤਾਂ ਇਹ ਦੱਸਣ ਕਿ ਫਿਰ ਦਿੱਲੀ ਵਿੱਚ ਸਿੱਖਾਂ ਦਾ ਕਤਲੇਆਮ ਕਿਸ ਨੇ ਕੀਤਾ ਹੈ।

ਉਨ੍ਹਾਂ ਕਿਹਾ ਇੱਕ ਕੇਸ ਵਿੱਚ ਉਸ ਦਾ ਬਰੀ ਹੋਣਾ ਸਰਕਾਰ ਦੀਆਂ ਜਾਂਚ ਏਜੰਸੀਆਂ ਦੀ ਸੁਹਿਰਦਤਾ ਅਤੇ ਗੰਭੀਰਤਾ ਉੱਤੇ ਵੱਡਾ ਸਵਾਲੀਆ ਚਿੰਨ੍ਹ ਹੈ ਅਤੇ ਇਹ ਸਿੱਖਾਂ ਦੇ ਜ਼ਖ਼ਮਾਂ ਉੱਤੇ ਲੂਣ ਛਿੜਕਣ ਦੇ ਤੁੱਲ ਹੈ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਿਸ ਸਿੱਖ ਕਤਲੇਆਮ ਮਾਮਲੇ ਵਿੱਚ ਸੱਜਣ ਕੁਮਾਰ ਨੂੰ ਬਰੀ ਕੀਤਾ ਗਿਆ ਹੈ ਉਸ ਵਿੱਚ 17 ਸਾਲ ਦੇ ਨਾਬਾਲਗ ਬੱਚੇ ਕਾਕਾ ਗੁਰਚਰਨ ਸਿੰਘ ਨੂੰ ਕਤਲ ਕਰਨ ਲਈ ਉਸ ਨੂੰ ਜਿਉਂਦਾ ਉਸ ਦੇ ਪਿਤਾ ਸ. ਨਾਥ ਸਿੰਘ ਦੇ ਜਲਦੇ ਟਰੱਕ ਵਿੱਚ ਸੁੱਟਿਆ ਗਿਆ ਸੀ। ਕਾਕਾ ਗੁਰਚਰਨ ਸਿੰਘ ਸਾਲ 1984 ਤੋਂ 2008 ਤੱਕ 24 ਸਾਲ ਅੱਧਾ ਜਲਿਆ ਹੋਇਆ ਹਾਲਤ ਵਿੱਚ ਇਹ ਕਹਿੰਦਿਆਂ ਇਨਸਾਫ਼ ਦੀ ਗੁਹਾਰ ਲਗਾਉਂਦਾ ਰਿਹਾ ਕਿ ਉਸ ਦਿਨ ਭੀੜ ਦੀ ਅਗਵਾਈ ਸੱਜਣ ਕੁਮਾਰ ਕਰ ਰਿਹਾ ਸੀ, ਪਰੰਤੂ ਉਸ ਦੀ ਗੱਲ ਜਾਂਚ ਏਜੰਸੀਆਂ ਨੇ ਨਹੀਂ ਸੁਣੀ, ਨਾ ਹੀ ਉਸ ਦੀ ਗਵਾਹੀ ਦਰਜ ਕੀਤੀ ਗਈ ਅਤੇ ਉਹ ਚਲਾਣਾ ਕਰ ਗਿਆ। ਉਨ੍ਹਾਂ ਕਿਹਾ ਕਿ ਭਾਵੇਂ ਕਿ 2008 ਵਿੱਚ ਸੀਬੀਆਈ ਨੇ ਕਾਕਾ ਗੁਰਚਰਨ ਸਿੰਘ ਦੀ ਗਵਾਹੀ ਰਿਕਾਰਡ ਕੀਤੀ ਪਰੰਤੂ ਉਸ ਨੂੰ ਦਰਜ ਕਰਕੇ ਕੇਸ ਵਿੱਚ ਸ਼ਾਮਲ ਨਹੀਂ ਕੀਤਾ (ਬਾਕੀ ਸਫਾ ਏ-15 ਤੇ)

# ਸਿੱਖਾਂ ਵਿਰੁੱਧ ਇੰਟਰਨੈਸ਼ਨਲ ਦਬਾਅ ਨੂੰ ਰੋਕਣ ਲਈ ਅਮਰੀਕਾ ’ਚ ਜੁਆਇੰਟ ਬਿੱਲ ਪੇਸ਼

ਵਾਸ਼ਿੰਗਟਨ-ਅਮਰੀਕੀ ਇਤਿਹਾਸ ’ਚ ਯਹੂਦੀਆਂ ਦੇ ਕਤਲੇਆਮ ਤੋਂ ਬਾਅਦ ਸਿੱਖਾਂ ਵਿਰੁੱਧ ਇੰਟਰਨੈਸ਼ਨਲ ਦਬਾਅ ਨੂੰ ਰੋਕਣ ਲਈ ਦੋਵਾਂ ਪਾਰਟੀਆਂ ਨੇ ਅਮਰੀਕੀ ਕਾਂਗਰਸ ’ਚ ਇਕ ਜੁਆਇੰਟ ਬਿੱਲ ਪੇਸ਼ ਕੀਤਾ। ਕਾਂਗਰਸੀ ਡੇਵਿਡ ਵਲਾਡੋ ਨੇ ਕਾਂਗਰਸੀ ਜੋਸ਼ ਗੋਟੇਈਮਰ ਦੇ ਨਾਲ ਮਿਲ ਕੇ ‘ਸਿੱਖ ਅਮਰੀਕਨ ਐਂਟੀ-ਡਿਸਕ੍ਰਿਮੀਨੇਸ਼ਨ ਐਕਟ’ ਪੇਸ਼ ਕੀਤਾ। ਇਹ ਦੋਵਾਂ ਪਾਰਟੀਆਂ ਦਾ ਬਿੱਲ ਡਿਪਾਰਟਮੈਂਟ ਆਫ ਜਸਟਿਸ ਦੇ ਅਧੀਨ ਇਕ ‘ਸਿੱਖ ਐਂਟੀ-ਡਿਸਕ੍ਰਿਮੀਨੇਸ਼ਨ ਟਾਸਕ ਫੋਰਸ’ ਬਣਾਏਗਾ, ਜਿਸ ਲਈ ਸਿੱਖ ਭਾਈਚਾਰੇ ਦੇ ਨਾਲ ਮਿਲ ਕੇ ਕੰਮ ਕਰਨਾ ਲਾਜ਼ਮੀ ਹੋਵੇਗਾ। ਡਿਪਾਰਟਮੈਂਟ ਆਫ ਜਸਟਿਸ ਨੇ ਸਿੱਖਾਂ ਵਿਰੁੱਧ ਹਿੰਸਾ ਅਤੇ ਵਿਦੇਸ਼ੀ ਧਰਤੀ ਤੋਂ ਟ੍ਰਾਂਸਨੈਸ਼ਨਲ ਦਬਾਅ ਨੂੰ ਰੋਕਣ ਲਈ ਵੱਡੇ, ਅਰਥਪੂਰਨ ਅਤੇ ਇਤਿਹਾਸਕ ਕਦਮ ਚੁੱਕੇ ਹਨ। ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਕੈਲੀਫੋਰਨੀਆ ਵਿਚ ਸਿੱਖਾਂ ਦੇ ਅਧਿਕਾਰਾਂ ਲਈ ਅਸੈਂਬਲੀ ਅਤੇ ਸੈਨੇਟ ਵੱਲੋਂ ਸਰਬਸੰਮਤੀ ਨਾਲ ਬਿੱਲ ਪਾਸ ਕੀਤੇ ਜਾਣ ਤੋਂ ਬਾਅਦ, ਗਵਰਨਰ ਨੇ ਆਪਣੀ ਵੀਟੋ ਪਾਵਰ ਦੀ ਵਰਤੋਂ ਕਰ ਕੇ ਇਸ ਨੂੰ ਰੱਦ ਕਰ ਦਿੱਤਾ ਸੀ। ਅਮਰੀਕਾ ਦੇ ਵੱਡੇ ਨੇਤਾਵਾਂ ਨੇ ਇਸ ਦੀ ਸਖ਼ਤ ਆਲੋਚਨਾ ਕੀਤੀ ਸੀ ਅਤੇ ਇਸ ਨੂੰ ਅਮਰੀਕਾ ਦੇ ਬੁਨਿਆਦੀ ਅਧਿਕਾਰਾਂ ਅਤੇ ਸਿਧਾਂਤਾਂ ਦੇ ਖ਼ਿਲਾਫ਼ ਦੱਸਿਆ ਸੀ। ਪਾਸ ਹੋਣ ਤੋਂ ਬਾਅਦ ਇਹ ਬਿੱਲ ਪੂਰੇ ਯੂਨਾਈਟਿਡ ਸਟੇਟਸ ’ਚ ਲਾਗੂ ਕੀਤਾ ਜਾਵੇਗਾ, ਜਿਸ ਦਾ ਅਸਰ ਪੂਰੀ ਦੁਨੀਆ ਵਿਚ ਦੇਖਣ ਨੂੰ ਮਿਲੇਗਾ।

Real Estate in Seattle Area
ਸਿਆਟਲ ਏਰੀਏ 'ਚ ਘਰ ਅਤੇ ਬਿਜ਼ਨਸ ਲੈਣ ਲਈ ਅੱਜ ਹੀ ਸੰਪਰਕ ਕਰੋ
Residential & Commercial
• Multifamily Units & Apartments
• Notary Service
For Honest, Friendly & Best Service, Call
Sarbjit Singh Saab
Realtor (MLS, CBA)
Ph: 206.255.0101
ਅਸੀਂ ਵਧੀਆ Interest Rate ਅਤੇ ਘੱਟ ਤੋਂ ਘੱਟ Closing Cost ਦੀ ਗਾਰੰਟੀ ਦਿੰਦੇ ਹਾਂ।

BARRETT FINANCIAL GROUP
BARRETT FINANCIAL GROUP NMLS #18110
Cell:206-391-2630
Email:hgrover@barrettfinancial.com
Web:www.barrettfinancial.com/hgrover
2701 East Insight Way, Suite 150, Chandler, AZ 85286
Harmandeep Grover

John L. Scott Real Estate
Kamaljit Singh
Real Estate Broker
* Residential * Commercial
* Bank Owned / Foreclosed
* Short Sale / Pre-Foreclosure
206-802-5699
ਕਿਸੇ ਵੀ ਤਰ੍ਹਾਂ ਦੀ ਰੈਜੀਡੈਂਸ਼ੀਅਲ/ਕਮਰਸ਼ੀਅਲ ਪ੍ਰਾਪਰਟੀ ਖਰੀਦਣ ਅਤੇ ਵੇਚਣ ਲਈ ਫੋਨ ਕਰੋ
Email:ksingh@johnlscott.com www.ksingh.johnlscott.com
Kent North Office:20829-72nd Ave S, Ste800 Kent, WA 98032

ਸਿਆਟਲ ਨਿਵਾਸੀਆਂ ਦਾ ਜਾਣਿਆ ਪਹਿਚਾਣਿਆ ਤੇ ਭਰੋਸੇਮੰਦ
USA TRAVEL
24 Hr Emergency Call 206-992-2724
23609 104th Ave SE #103, Kent
Ph: 253-867-0450, 253-867-0451
1729 208th St Suite #202, Bothell
Ph: 425-420-1888, 425-420-1889

ਖ਼ੁਸ਼ਖ਼ਬਰੀ! ਖ਼ੁਸ਼ਖ਼ਬਰੀ! ਖ਼ੁਸ਼ਖ਼ਬਰੀ!
ਅੱਜ ਹੀ ਇਕ ਵਾਰ ਫੋਨ ਕਰੋ ਤੇ ਸਾਰੀ ਜਾਣਕਾਰੀ ਲਓ
ਤੁਹਾਡਾ ਘਰ ਲੈਣ ਦਾ ਜਾਂ ਬਿਜਨੈਸ ਲੈਣ ਦਾ ਸੁਪਨਾ ਅਸੀਂ ਪੂਰਾ ਕਰਾਂਗੇ
ਘਰ ਖਰੀਦਣ ਜਾਂ ਵੇਚਣ ਲਈ ਸੰਪਰਕ ਕਰੋ :
Berkshire Hathaway HOME SERVICES
Cell:206-446-9366
Office:253-854-9400
Northwest Real Estate
25230 104th Ave. S.E. Kent, WA 98030
eFax : 253-480-3448
Gagan@BHHSNWRE.com
GaganDeep.BGGSNWRE.com
ਗਗਨ ਚੌਹਾਨ

REAL ESTATE
ਕਿਸੇ ਵੀ ਤਰ੍ਹਾਂ ਦੀ ਰੈਜੀਡੈਂਸ਼ੀਅਲ ਜਾਂ ਕਮਰਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਸੰਪਰਕ ਕਰੋ।
For Residential/Commercial
• Short Sale • Foreclosed • Bank owned
• Hotels/Motels • Gas Stations • Vacant Lands
Sakater Singh Sandhu
MCNE, CBA, MLS
Master Certified Negotiation Expert
Cell: 206-766-0551
KELLER WILLIAMS REALTY

JK Tire Wholesaler
CASCADE Truck & RV Wash
Located next to Love Travel Center,
1-90 Exit 106, 1608 HWY 97 Ellensburg.WA
ਅਸੀਂ ਯੋਕੋਹਾਮਾ, ਮਿਚਲਨ, ਫਾਇਰ ਸਟੋਨ ਅਤੇ ਜੇ.ਕੇ. ਟਾਇਰ ਦੇ ਸਭ ਤੋਂ ਵੱਡੇ ਹੋਲਸੇਲਰ ਹਾਂ
ਜਸਬੀਰ ਸਿੰਘ ਰੀਹਲ 206-235-2168
ਕੁਲਬੀਰ ਸਿੰਘ ਰੀਹਲ 206-245-0114
Ph: 509.925.9273

Over 30 Years of Industry Experience
MULTANI LAW GROUP
ਆਪਣੀ ਪ੍ਰੇਸ਼ਾਨੀ ਨੂੰ ਘਟਾਉਣ, ਆਪਣਾ ਹੱਕ ਲੈਣ ਅਤੇ ਆਪਣੀ ਜ਼ਿੰਦਗੀ ਨੂੰ ਸਹੀ ਰਸਤੇ ਤੇ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ
Jashan Multani 206-243-4219
Gerald F. Robison Senior Attorney
Jashan Multani Associate Partner
Services we provide:
-Immigration/Political Asylum
U-Visa, Vawa
-SIJ Guardianship Cases
- Personal Injury/Car Accidents
- Evictions
Website:multanilawgroup.com
Email:Jashan@multanilawgroup.com
Add: 13106 S. East 240th St., #110, Kent, WA 98031

FOREVER ROOFING
Licensed,Bonded & Insured
(FOREVRH874MJ)
PAWANDEEP JOSAN
Marketing Manager
Free Estimate
2062613683
Check us on
Forever Roofing
Web:Foreverroofing.net
Email:info@foreverroofing.net

HUMBLE SANDHU SERVICES
"We help you help yourself"
*Immigration *Tax *Notary
Services We Provide
•Business & Personal Tax
•Indian Visa & OCI Applications
•Health Plans
Kent:253-338-9487
Puyallup:253-407-4723
Bellingham:360-440-5606
Email: myhumble@yahoo.com
25748-101st Ave, SE Kent WA 98030

LIFE INSURANCE | RETIREMENT PLANNING
Life Insurance
529 College Saving Plan*
IRA/401K Planning*
Mortgage Protection
Business Planning
Estate Conservation
Disability Insurance
Harpreet Parmar
Financial Services Professional
New York Life Insurance Company
15238 SE 272nd St Kent, WA 98042
Cell: 253-880-9968
www.harpreetparmar.com hparmar@ft.newyorklife.com

ਸਿਆਟਲ ਵਿਚ ਲਿਨਵੁਡ, ਐਵਰਟ, ਕੈਂਟ, ਮੈਰੀਸਵੈਲ, ਬੈਲੇਵਿਊ, ਰੈਡਮੰਡ, ਰੈਂਟਨ, ਪਿਆਲਪ ਦੇ ਇਲਾਕੇ ਵਿੱਚ ਰੀਅਲ ਅਸਟੇਟ ਦੀਆਂ ਸੇਵਾਵਾਂ ਪ੍ਰਦਾਨ ਕਰਦੇ ਹਾਂ।
JASMEEN KAUR
C: 425-299-2284
Bus: 425-602-4150
jasmeenkaur@cbbain.com
COLDWELL BANKER BAIN
8525 -120TH Ave. NE, #100,Kirkland, WA 98033

BALBIR SINGH NIJJAR
Senior Loan Originator
Wize Mortgage
ਮੋਰਗੇਜ਼ ਦੇ ਵਧੀਆ ਰੇਟ ਅਤੇ ਇਮਾਨਦਾਰ ਸਰਵਿਸ
RESIDENTIAL or COMMERCIAL LOANS
206-650-3700
13401-NE Bel Red Road, Suite B4, Bellevue, WA 98005
Bsingh@wisemfg.com www.wizemtg.com

Real Estate Expert
Harjinder Singh
ਸਿਆਟਲ ਏਰੀਏ ਵਿੱਚ ਘਰ ਖਰੀਦਣ ਤੇ ਵੇਚਣ ਲਈ ਕਾਲ ਕਰੋ
(206) 643-7853
Residential & Commercial
Harjinder@TheLionEstates.com
www.TheLionEstates.com
Kent, Renton, Auburn, Covington, Seattle, Everett, Lynnwood, Marysville, Bellevue, Redmond, Kirkland
CENTURY 21 Real Estate Center

Reshmi's Group

INDIAN FOOD DISTRIBUTOR

Haldiram's

# AUTHENTIC INDIAN SNACKS

ORDER NOW




Haldiram's Paneer Pakoda 1.6kg

ਹਲਦੀਰਾਮਜ਼ ਪਨੀਰ ਪਕੋੜਾ 1.6 ਕਿਲੋਗ੍ਰਾਮ

BUY NOW

For Wholesale Order at :

1120 Andover Park E,Tukwila, WA 98188,T: (206) 575-0050,

E: sales@reshmisgroup.com.



DIAMONDS!
Diamond Necklace
Wedding Sets
and
Wedding Rings
50% off
Come see our collection

ਡਾਇਮੰਡਜ !
ਅਸੀਂ ਹਣ ਡਾਇਮੰਡ ਨੈਕੁਲੇਸ, ਵਿਆਹ ਦੇ ਸੈੱਟ
ਅਤੇ ਵਿਆਹ ਲਈ ਅੰਗੂਠੀਆਂ ਵੀ ਰੱਖਦੇ ਹਾਂ
50% off
ਆ ਕੇ ਕੁਲੈਕਸ਼ਨ ਦੇਖੋ

Season Special!
Visit our store for special pricing when buying
50 grams or more of 22k Gold Jewelry!

ਸੀਜਨ ਸਪੈਸ਼ਲ !
ਜਦੋਂ ਤੁਸੀਂ 50 ਗਰਾਮ ਜਾਂ ਇਸ ਤੋਂ ਜ਼ਿਆਦਾ 22 ਕੈਰੇਟ ਦੇ ਸੋਨੇ ਦੇ ਗਹਿਣੇ ਖਰੀਦਦੇ ਹੋ
ਤਾਂ ਸਪੈਸ਼ਲ ਕੀਮਤਾਂ ਲਈ ਸਾਡੇ ਸਟੋਰੇ ਤੇ ਆਉ।

CASH FOR GOLD
ਸੋਨੇ ਬਦਲੇ ਡਾਲਰ ਲਓ
ਸਾਡੀਆਂ ਕੀਮਤਾਂ ਬਹੁਤ ਘੱਟ ਹਨ

TAJ JEWELERS
UNIQUELY DESIGNED 22KT GOLD JEWELRY
WE SELL FOR LESS
ਤਾਜ਼ ਜਿਊਲਰਜ਼

TRADE YOUR OLD GOLD FOR NEW JEWELRY
ਆਪਣੇ ਪੁਰਾਣੇ ਗਹਿਣਿਆਂ ਬਦਲੇ ਨਵੇਂ ਫੈਸ਼ਨ ਦੇ ਗਹਿਣੇ ਲਓ

22 ਕੈਰੇਟ ਸੋਨੇ ਦੀ ਜਿਊਲਰੀ ਦੇ ਨਵੇਂ ਨਵੇਂ ਡਿਜ਼ਾਈਨ
Ph:253-981-3071
10120 SE 260th St. Suite 110, Kent, WA 98030
Open: 7 Days Tuesday to Sunday 11am to 7pm, Mon 11am to 6pm
ਅਸੀਂ ਹਫਤੇ ਦੇ ਸੱਤੇ ਦਿਨ ਖੁੱਲਦੇ ਹਾਂ
ਮੰਗਲਵਾਰ ਤੋਂ ਐਤਵਾਰ ਸਵੇਰ 11ਵਜੇ ਤੋਂ ਸ਼ਾਮ 7 ਵਜੇ ਤੱਕ, ਸੋਮਵਾਰ ਸਵੇਰ 11 ਤੋਂ ਸ਼ਾਮ 6 ਵਜੇ ਤੱਕ

# ਸੱਜਣ ਕੁਮਾਰ ਨੂੰ ਬਰੀ ਕਰਨ ਦਾ ਫ਼ੈਸਲਾ ਸੰਵਿਧਾਨ ਦੀਆਂ ਸੋਹਾਂ ਚੁੱਕਣ ਵਾਲੇ ਸਿੱਖਾਂ ਉੱਪਰ ਕਰਾਰੀ ਚਪੇੜ:ਪਰਮਜੀਤ ਸਿੰਘ ਵੀਜੀ

ਨਵੀਂ ਦਿੱਲੀ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਕਤਲੇਆਮ ਨਾਲ ਸੰਬੰਧਿਤ ਇਕ ਮਾਮਲੇ ਵਿਚ ਅਦਾਲਤ ਵਲੋਂ ਸੱਜਣ ਕੁਮਾਰ ਨੂੰ ਬਰੀ ਕਰਣਾ ਕਰੀਬ 41 ਸਾਲਾਂ ਤੋਂ ਇਨਸਾਫ਼ ਦੀ ਆਸ ਲਗਾਈ ਬੈਠੇ ਪੀੜਤ ਪਰਿਵਾਰਾਂ ਨਾਲ ਘੌਰ ਬੇਇਨਸਾਫ਼ੀ ਹੈ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰ ਜੀ ਨੇ ਕਿਹਾ ਇਸ ਮਾਮਲੇ ਵਿਚ 17 ਸਾਲ ਦੇ ਗੁਰਚਰਨ ਸਿੰਘ ਨੂੰ ਜਲਾਇਆ ਗਿਆ ਸੀ ਤੇ ਓਹ ਤਕਰੀਬਨ 24 ਸਾਲ ਬਿਸਤਰੇ ਉਪਰ ਰਿਹਾ ਤੇ ਵਾਰ ਵਾਰ ਕਹਿੰਦਾ ਰਿਹਾ ਕਿ ਮੌਕੇ ਵਾਰਦਾਤ ਉਪਰ ਸੱਜਣ ਕੁਮਾਰ ਭੀੜ ਦੀ ਅਗਵਾਈ ਕਰ ਰਿਹਾ ਸੀ ਪਰ ਓਸਦਾ ਬਿਆਨ ਰਿਕਾਰਡ ਨਹੀਂ ਕੀਤਾ ਗਿਆ ਤੇ ਓਹ 2008 ਵਿਚ ਇੰਨਸਾਫ ਦੀ ਉਡੀਕ ਕਰਦਾ ਸੰਸਾਰ ਤੋਂ ਰੁਖ਼ਸਤ ਹੋ ਗਿਆ । ਇਸੇ ਤਰੀਕੇ ਦੂਜੇ ਗਵਾਹ ਹਰਵਿੰਦਰ ਸਿੰਘ ਕੋਹ਼ਲੀ ਨਾਲ ਹੋਇਆ ਸੀ । ਕੋਹ਼ਲੀ ਨੇ 2015 ਵਿਚ ਬਣੀ ਸੀਟ ਨੂੰ ਬਿਆਨ ਤੇ ਦਿੱਤਾ ਪਰ ਜਦੋ ਤਕ ਕਾਰਵਾਈ ਹੁੰਦੀ ਓਹ ਵੀ ਇੰਨਸਾਫ ਦੀ ਉਡੀਕ ਕਰਦਾ ਦੁਨੀਆਂ ਤੋਂ ਰੁਖ਼ਸਤ ਹੋ ਗਿਆ ਸੀ । ਵੀਰ ਜੀ ਨੇ ਇਸ ਮਾਮਲੇ ਤੇ ਕਿਹਾ ਕਿ ਅਸੀਂ ਕੁਝ ਸਮਾਂ ਪਹਿਲਾਂ ਹੀ ਕਹਿ ਦਿੱਤਾ ਸੀ ਕਿ ਮੌਜੂਦਾ ਦਿੱਲੀ ਕਮੇਟੀ ਪ੍ਰਬੰਧਕਾਂ ਵਲੋਂ ਸਿੱਖ ਕਤਲੇਆਮ ਨਾਲ ਸੰਬੰਧਿਤ ਕੇਸਾਂ ਦੇ ਮਾਮਲੇ ਵਿਚ ਕੀਤੀ ਜਾ ਰਹੀ ਢਿਲਮਠ ਸੱਜਣ ਕੁਮਾਰ ਅਤੇ ਹੋਰਾਂ ਦੇ ਬਾਹਰ ਆਣ ਦਾ ਰਾਹ ਪੱਧਰਾ ਕਰਨਗੀਆਂ ਤੇ ਇਹ ਗੱਲ ਸੱਚ ਸਾਬਿਤ ਹੋ ਗਈ ਹੈ।ਪਹਿਲਾਂ ਬਲਵਾਨ ਖੋਖਰ ਨੂੰ 21 ਦਿਨ ਦੀ ਪੈਰੋਲ ਮਿਲਣੀ ਉਪਰੰਤ ਸੱਜਣ ਕੁਮਾਰ ਨੂੰ ਅਦਾਲਤ ਵਲੋਂ ਬਰੀ ਕਰਣਾ ਕਮੇਟੀ ਦੀ ਨਾਕਾਮਯਾਬ ਕਾਰਗੁਜਾਰੀ ਜ਼ਾਹਿਰ ਕਰ ਰਹੀ ਹੈ । ਇਸਦੇ ਨਾਲ ਹੀ ਸਿੱਖਾਂ ਨੂੰ ਵੀ ਸੋਚਣ ਲਈ ਮਜਬੂਰ ਹੋਣਾ ਪੈ ਰਿਹਾ ਹੈ ਕਿ ਜੋ ਸਵਿੰਧਾਨ ਦੀਆਂ ਸੋਹਾਂ ਚੱਕ ਚੱਕ ਸਿੱਖ ਪੰਥ ਦੇ ਮਸਲੇ ਹੱਲ ਕਰਵਾਉਣ ਦੇ ਵੱਡੇ ਵੱਡੇ ਐਲਾਨ ਕਰਦੇ ਸਨ ਇਹ ਫ਼ੈਸਲਾ ਉਨ੍ਹਾਂ ਦੇ ਮੂੰਹ ਤੇ ਕਰਾਰੀ ਚਪੇੜ ਹੈ। ਇਥੇ ਦਸਣਯੋਗ ਹੈ ਕਿ ਸਰਦਾਰ ਪਰਮਜੀਤ ਸਿੰਘ ਵੀਰ ਜੀ ਵੀ ਸਿੱਖ ਕਤਲੇਆਮ ਨਾਲ ਪੀੜਿਤ ਹਨ ਤੇ ਇਸੇ ਕਤਲੇਆਮ ਵਿਚ ਉਨ੍ਹਾਂ ਦਾ ਭਰਾਤਾ ਵੀ ਸ਼ਹੀਦ ਹੋ ਗਿਆ ਸੀ।

# ਅਮਰੀਕਾ ਵੀਜ਼ਾ ਬੁਲੇਟਿਨ:ਲੰਮੇ ਸਮੇਂ ਤੋਂ ਪਰਿਵਾਰਕ ਵੀਜ਼ਾ ਅਰਜ਼ੀਆਂ 'ਚ ਨਹੀਂ ਹੋ ਰਹੀ ਕੋਈ ਹਿਲਜੁੱਲ

ਵਾਸ਼ਿੰਗਟਨ ਡੀ.ਸੀ.- ਯੂ.ਐੱਸ. ਡਿਪਾਰਟਮੈਂਟ ਆਫ ਸਟੇਟ ਵੱਲੋਂ ਫਰਵਰੀ 2026 ਦਾ ਵੀਜ਼ਾ ਬੁਲੇਟਿਨ ਜਾਰੀ ਕਰ ਦਿੱਤਾ ਗਿਆ ਹੈ। ਸਿਵਾਏ ਇੱਕ-ਅੱਧ ਕੈਟਾਗਰੀ ਦੇ, ਅਮਰੀਕਾ ਦੇ ਪਰਿਵਾਰਕ ਵੀਜ਼ਿਆਂ ਵਿਚ ਪਿਛਲੇ ਲੰਮੇ ਸਮੇਂ ਤੋਂ ਕੋਈ ਹਿਲਜੁੱਲ ਦੇਖਣ ਨੂੰ ਨਹੀਂ ਮਿਲ ਰਹੀ, ਜਿਸ ਕਰਕੇ ਜਿਨ੍ਹਾਂ ਪਰਿਵਾਰਾਂ ਨੇ ਆਪਣੇ ਰਿਸ਼ਤੇਦਾਰਾਂ ਨੂੰ ਸਪਾਂਸਰ ਕੀਤਾ ਹੈ, ਉਨ੍ਹਾਂ ਵਿਚ ਕਾਫੀ ਨਿਰਾਸ਼ਾ ਪਾਈ ਜਾ ਰਹੀ ਹੈ।ਯੂ.ਐੱਸ. ਡਿਪਾਰਟਮੈਂਟ ਆਫ ਸਟੇਟ ਵੱਲੋਂ ਫਰਵਰੀ 2026 ਦੇ ਜਾਰੀ ਕੀਤੇ ਵੀਜ਼ਾ ਬੁਲੇਟਿਨ ਵਿਚ ਵੀ ਅਜਿਹਾ ਹੀ ਦੇਖਣ ਨੂੰ ਮਿਲ ਰਿਹਾ ਹੈ। ਕਿਸੇ ਵੀ ਕੈਟਾਗਰੀ 'ਚ ਕੋਈ ਵੀ ਹਿੱਲਜੁੱਲ ਦੇਖਣ ਨੂੰ ਨਹੀਂ ਮਿਲੀ। ਸਿਰਫ ਪਰਿਵਾਰਕ ਸਪਾਂਸਰਡ ਵੀਜ਼ਾ ਅਰਜ਼ੀਆਂ ਭਰਨ ਦੀਆਂ ਤਰੀਖਾਂ ਲਈ ਫ-2ਅ ਕੈਟਾਗਰੀ 'ਚ ਹੀ 1 ਮਹੀਨੇ ਦਾ ਵਾਧਾ ਦੇਖਣ ਨੂੰ ਮਿਲਿਆ ਹੈ।ਜਿੱਥੇ ਅਮਰੀਕਾ ਨੇ ਗੈਰ ਕਾਨੂੰਨੀ ਲੋਕਾਂ ਦਾ ਬਾਰਡਰ ਤੋਂ ਲਾਂਘਾ ਬੰਦ ਕਰ ਦਿੱਤਾ ਹੈ, ਉਥੇ ਹੁਣ ਕਾਨੂੰਨੀ ਤੌਰ 'ਤੇ ਆ ਰਹੇ ਪ੍ਰਵਾਸੀਆਂ ਨੂੰ ਵੀ ਰੋਕਿਆ ਜਾਣ ਲੱਗ ਪਿਆ ਹੈ। ਫਰਵਰੀ 2026 ਦਾ ਵੀਜ਼ਾ ਬੁਲੇਟਿਨ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਇਸ ਕੈਟਾਗਰੀ ਵਿਚ ਕੋਈ ਵੀ ਹਿੱਲਜੁੱਲ ਨਹੀਂ ਹੋਈ।ਫਾਈਨਲ ਐਕਸ਼ਨ ਡੇਟ ਵਿਚ ਐਫ -1 ਕੈਟਾਗਰੀ 'ਚ ਆਉਂਦੇ ਅਮਰੀਕਨ ਸਿਟੀਜ਼ਨ ਦੇ 21 ਸਾਲ ਤੋਂ ਘੱਟ ਉਮਰ ਦੇ ਅਣਵਿਆਹੇ ਬੱਚੇ, ਉਨ੍ਹਾਂ ਦੀ ਸਮਾਂ ਸੂਚੀ 8 ਨਵੰਬਰ, 2016 ਚੱਲ ਰਹੀ ਹੈ।ਗਰੀਨ ਕਾਰਡ ਹੋਲਡਰ ਪਤੀ-ਪਤਨੀ ਦੇ 21 ਸਾਲ ਤੋਂ ਘੱਟ ਬੱਚੇ, ਜਿਹੜੇ ਕਿ ਐਫ-2 ਏ ਕੈਟਾਗਰੀ 'ਚ ਆਉਂਦੇ ਹਨ, ਉਨ੍ਹਾਂ ਦੀ ਤਰੀਕ 1 ਫਰਵਰੀ, 2024 ਹੈ।ਗਰੀਨ ਕਾਰਡ ਹੋਲਡਰ ਵੱਲੋਂ ਅਪਲਾਈ ਕੀਤੇ 21 ਸਾਲ ਤੋਂ ਵੱਧ ਉਮਰ ਦੇ ਬੱਚੇ, ਜੋ ਕਿ ਐਫ -2 ਬੀ ਕੈਟਾਗਰੀ ਨਾਲ ਸੰਬੰਧਤ ਹਨ, ਅਰਜ਼ੀਕਾਰਾਂ ਦੀ ਉਡੀਕ ਮਿਤੀ ਇਸ ਵੇਲੇ 1 ਦਸੰਬਰ, 2016 ਹੈ।ਯੂ.ਐੱਸ. ਸਿਟੀਜ਼ਨ ਦੇ ਵਿਆਹੇ ਹੋਏ ਬੱਚੇ ਤੇ ਉਨ੍ਹਾਂ ਦੇ ਅੱਗਿਓਂ ਛੋਟੇ ਬੱਚੇ ਯਾਨੀ ਕਿ ਐਫ-3 ਕੈਟਾਗਰੀ ਲਈ ਜਿਨ੍ਹਾਂ ਨੇ ਅਪਲਾਈ ਕੀਤਾ ਹੈ, ਉਨ੍ਹਾਂ ਦੀ ਤਰੀਕ 8 ਸਤੰਬਰ, 2011 ਚੱਲ ਰਹੀ ਹੈ।ਅਮਰੀਕਾ ਦੇ ਜਿਹੜੇ ਸਿਟੀਜ਼ਨ ਨਾਗਰਿਕਾਂ ਵੱਲੋਂ ਭਾਰਤ 'ਚ ਰਹਿ ਰਹੇ ਆਪਣੇ ਭੈਣਾਂ-ਭਰਾਵਾਂ ਨੂੰ ਐਫ -4 ਕੈਟਾਗਰੀ ਲਈ ਅਪਲਾਈ ਕੀਤਾ ਹੈ, ਅਤੇ ਭੈਣ-ਭਰਾਵਾਂ ਅਤੇ ਉਨ੍ਹਾਂ ਦੇ ਬੱਚੇ ਜਿਹੜੇ 21 ਸਾਲ ਤੋਂ ਘੱਟ ਹਨ, ਉਨ੍ਹਾਂ ਲਈ ਤਰੀਕ 1 ਨਵੰਬਰ, 2006 ਚੱਲ ਰਹੀ ਹੈ।ਪਰਿਵਾਰਕ ਸਪਾਂਸਰਡ ਵੀਜ਼ਾ ਅਰਜ਼ੀਆਂ ਭਰਨ ਦੀਆਂ ਤਾਰੀਖਾਂ ਲਈ ਫਰਵਰੀ ਵੀਜ਼ਾ ਬੁਲੇਟਿਨ ਦੀਆਂ ਤਰੀਕਾਂ ਇਸ ਤਰ੍ਹਾਂ ਹਨ :

ਐਫ -1 ਕੈਟਾਗਰੀ ਲਈ 1 ਸਤੰਬਰ 2017, ਐਫ-2 ਕੈਟਾਗਰੀ ਲਈ 22 ਜਨਵਰੀ 2026, ਐਫ -2 ਬੀ ਕੈਟਾਗਰੀ ਲਈ 15 ਮਾਰਚ, 2017, ਐਫ-3 ਕੈਟਾਗਰੀ ਲਈ 22 ਜੁਲਾਈ, 2012 ਅਤੇ ਐਫ-4 ਕੈਟਾਗਰੀ ਲਈ 15 ਦਸੰਬਰ, 2006 ਵਾਲਿਆਂ ਕੋਲੋਂ ਸਪੋਰਟਿੰਗ ਪੇਪਰ ਮੰਗਵਾਏ ਜਾ ਰਹੇ ਹਨ।

# ਪੂਤਿਨ ਯੂਕਰੇਨ ਦੇ ਪੂਨਰ ਨਿਰਮਾਣ ਲਈ ਫ੍ਰੀਜ਼ ਕੀਤੀਆਂ ਜਾਇਦਾਦਾਂ ਦੇਣ ਲਈ ਤਿਆਰ

ਵਾਸ਼ਿੰਗਟਨ:-ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੇ ਵਿਸ਼ੇਸ਼ ਏਲਚੀ ਸਟੀਵ ਵਿਟਕੌਫ ਨਾਲ ਵੀਰਵਾਰ ਨੂੰ ਹੋਣ ਵਾਲੀ ਗੱਲਬਾਤ ਤੋਂ ਪਹਿਲਾਂ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਨੇ ਦੋ ਸਾਬਕਾ ਸੋਵੀਅਤ ਗਣਰਾਜਾਂ (ਰੂਸ ਤੇ ਯੂਕਰੇਨ) ਦਰਮਿਆਨ ਸ਼ਾਂਤੀ ਸਮਝੌਤਾ ਹੋਣ ਤੋਂ ਬਾਅਦ ਰੂਸ ਦੀਆਂ ਫ੍ਰੀਜ਼ ਕੀਤੀਆਂ ਜਾਇਦਾਦਾਂ ਨੂੰ ਜੰਗ ਦੇ ਝੰਬੇ ਯੂਕਰੇਨ ਦੇ ਪੁਨਰ ਨਿਰਮਾਣ ਲਈ ਦੇਣ ਦੀ ਇੱਛਾ ਜਤਾਈ ਹੈ।ਬੁੱਧਵਾਰ ਦੇਰ ਰਾਤ ਰੂਸੀ ਸਲਾਮਤੀ ਕੌਂਸਲ ਦੀ ਬੈਠਕ ਦੌਰਾਨ ਆਪਣੇ ਟੈਲੀਵਿਜ਼ਨ ਭਾਸ਼ਣ ਵਿੱਚ ਪੂਤਿਨ ਨੇ ਜਾਮ ਕੀਤੀਆਂ ਜਾਇਦਾਦਾਂ ਵਿੱਚੋਂ ਗਾਜ਼ਾ ਜੰਗਬੰਦੀ ਯੋਜਨਾ ਦੀ ਨਿਗਰਾਨੀ ਲਈ ਟਰੰਪ ਵੱਲੋਂ ਪ੍ਰਮੋਟ ਕੀਤੇ ਗਏ ਸ਼ਾਂਤੀ ਬੋਰਡ ਨੂੰ 1 ਬਿਲੀਅਨ ਡਾਲਰ ਦਾ ਦਾਨ ਦੇਣ ਦਾ ਵੀ ਐਲਾਨ ਕੀਤਾ।


TUKWILA DENTAL CENTER
NEW PATIENTS & EMERGENCIES WELCOME
GENERAL DENTISTRY FOR ALL AGES
*A Caring Team for You & Your Family*
Most Crowns and Bridges are made same day with our CAD/CAM System

- General Dentistry
- Bridges
- Fillings
- Dentures
- Dental Implants
- Crowns
- Cosmetic Dentistry
- Sealants
- Treatment of Gum Disease
- Oral Surgery
- Root Canals



HARCHAND SINGH DDS PS, SARAA ABDULATEEF DDS MS, ABRAAM ABRAMOV LD, MUKTA SINGH DDS, TANVEER S BUTTAR DDS

Hours : Monday 9AM - 6PM
Tuesday 9AM - 6PM
Wednesday 9AM - 6PM
Thursday 9AM - 6PM
Friday 8AM - 4PM

*(Fellow & Master Academy of General Dentistry)*

DENTAL LAB ON PREMISES

13955 Interurban Ave So, Tukwila, WA 98168
www.tukwiladentalcenter.com Email: tukwiladentalcenter@comcast.net
Ph: 206-431-0953, 206-241-0454, Fax: 206-439-6860



Complete Dental Care

New & Emergency Patients Welcome
-Family & Cosmetic Dentistry
-Root Canals, Wisdom Teeth Removal, Metal-free Restorations
-Bleeching, Veneer, Bonding
-Preventive & Pediatric Dentistry




ਹਰ ਤਰਾਂ ਦੇ ਦੰਦਾਂ ਦਾ ਇਲਾਜ਼ ਕਰਵਾਉਣ ਲਈ ਸੰਪਰਕ ਕਰੋ

Dr. Manpreet Dhaliwal
Dr. Navdeep Dhaliwal
Dr. Donald Hainer

Complete DENTAL CARE
Ph: 253-854-2714
SUITE #1, 10725 SE 256TH ST, KENT, WA

Prices Effective From 31st Dec 2025

PUNJAB GROCERY BAZAAR

OLD KK MARKET

SUPER SALE

Happy New year 2026




FIRST TIME IN USA —
PREMIUM CANADIAN ATTA
BRAND IS NOW AVAILABLE!

Price
$13.99 LBS

+1 253-854-5236
23805, 104TH AVE SE, KENT, WA 98031, UNITED STATES

# ਬੀਕੇਯੂ ਉਗਰਾਹਾਂ ਵੱਲੋਂ ਲੋਕ ਆਵਾਜ਼ ਚੈਨਲ ਬੰਦ ਕਰਨ ਬਦਲੇ ਤਾਨਾਸ਼ਾਹ ਪੰਜਾਬ ਸਰਕਾਰ ਦੀ ਸਖ਼ਤ ਨਿਖੇਧੀ

ਚੰਡੀਗੜ੍ਹ- ਪੰਜਾਬ ਸਰਕਾਰ ਵੱਲੋਂ ਪੱਤਰਕਾਰਾਂ ਖਿਲਾਫ ਕੀਤੇ ਪੁਲਿਸ ਕੇਸਾਂ ਤੋਂ ਬਾਅਦ ਅੱਜ ਲੋਕ ਆਵਾਜ਼ ਚੈਨਲ ਨੂੰ ਬੰਦ ਕਰਨ ਦੀ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ ਅਤੇ ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਇਹ ਆਪ ਸਰਕਾਰ ਦੀ ਬੁਖਲਾਹਟ ਦੀ ਨਿਸ਼ਾਨੀ ਹੈ। ਇਸ ਸੰਬੰਧੀ ਪ੍ਰੈਸ ਬਿਆਨ ਜਾਰੀ ਕਰਦਿਆਂ ਉਨ੍ਹਾਂ ਕਿਹਾ ਕਿ ਆਪਣੇ ਆਪ ਨੂੰ ਪਿੰਡਾਂ ਦੀਆਂ ਸੱਥਾਂ 'ਚੋਂ ਚੱਲਣ ਵਾਲੀ ਅਤੇ ਆਮ ਘਰਾਂ ਦੇ ਲੋਕਾਂ 'ਚੋਂ ਚੁਣੇ ਨੁਮਾਇੰਦਿਆਂ ਦੀ ਕਹਾਉਣ ਵਾਲੀ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਹੁਣ ਖਾਸ ਆਦਮੀ ਪਾਰਟੀਆਂ ਤੋਂ ਵੀ ਅੱਗੇ ਲੰਘ ਗਈ ਹੈ। ਲੋਕਾਂ ਦੀ ਆਵਾਜ਼ ਚੁੱਕਣ ਵਾਲੀ ਪ੍ਰੈੱਸ ਵੱਲੋਂ ਸਵਾਲ ਕਰਨ 'ਤੇ ਉਨ੍ਹਾਂ ਦੇ ਪੱਤਰਕਾਰਾਂ ਖਿਲਾਫ ਪਰਚੇ ਦਰਜ ਕਰਕੇ ਪੰਜਾਬ ਸਰਕਾਰ ਸੱਚ ਦੀ ਆਵਾਜ਼ ਨੂੰ ਬੰਦ ਕਰਨਾ ਚਾਹੁੰਦੀ ਹੈ। ਇਸ ਕਰਕੇ ਹੁਣ ਲੋਕਾਂ ਅੱਗੇ ਸਰਕਾਰ ਦੀਆਂ ਕਮੀਆਂ ਪੇਸ਼ੀਆਂ ਪੇਸ਼ ਕਰਨ ਵਾਲੇ ਲੋਕ ਆਵਾਜ਼ ਚੈਨਲ ਨੂੰ ਹੀ ਬੰਦ ਕਰ ਦਿੱਤਾ ਹੈ। ਉਹਨਾਂ ਚਿਤਾਵਨੀ ਭਰੇ ਲਹਿਜ਼ੇ ਵਿੱਚ ਕਿਹਾ ਕਿ ਸਰਕਾਰ ਇਹਨਾਂ ਹਰਕਤਾਂ ਤੋਂ ਬਾਜ ਆਵੇ ਅਤੇ ਦਾਅਵਾ ਕੀਤਾ ਕਿ ਹੱਕ ਸੱਚ ਦੀ ਆਵਾਜ਼ ਨੂੰ ਧੱਕੇ ਨਾਲ ਕਦੇ ਵੀ ਦਬਾਇਆ ਨਹੀਂ ਜਾ ਸਕਦਾ।


ਹੁਣ ਕੈਂਟ ਵਿੱਚ ਵਿਜੈ ਜਿਊਲਰਜ਼ ਨੇ
ਆਪਣੀ ਨਵੀਂ ਦੁਕਾਨ ਖੋਲ੍ਹ ਦਿੱਤੀ ਹੈ

Vijay JEWELLERS INC.

Specializing in 22K Gold




ਸੋਨੇ ਦੀਆਂ ਬਾਰਾਂ ਸਪੈਸ਼ਲ ਕੀਮਤਾਂ ਤੇ ਮਿਲਦੀਆਂ ਹਨ



ਅਨੇਕਾਂ ਪ੍ਰਕਾਰ ਦੇ ਗਹਿਣੇ
ਲੇਟੈਸਟ ਡਿਜ਼ਾਈਨਾਂ ਵਿਚ ਲਵੋ

ਹਰੇਕ ਤਰ੍ਹਾਂ ਦੇ
ਨਗ ਸਰਟੀਫਾਈਡ
ਮਿਲਦੇ ਹਨ

ਅਸੀਂ ਹਰ ਤਰਾਂ ਦੇ ਗਹਿਣੇ ਰਿਪੇਅਰ ਵੀ ਕਰਦੇ ਹਾਂ


Naman Dhawan
856-325-9919, 253-277-3854

Vijay Dhawan
253-656-2666

25416 104th Ave SE, Kent, WA 98030, USA
www.vijayjewellersseattle.com vijayjewellersinc@gmail.com


# ਸਲਮਾਨ ਖੁਰਸ਼ੀਦ ਨੇ ਧਾਰਾ 370 ਮਾਮਲੇ ਵਿੱਚ ਸਰਕਾਰ ‘ਤੇ ਨਿਰਭਰ ਹੋਣ ਲਈ ਭਾਰਤੀ ਸੁਪਰੀਮ ਕੋਰਟ ਦੀ ਆਲੋਚਨਾ ਕੀਤੀ

ਨਵੀਂ ਦਿੱਲੀ: ਸੀਨੀਅਰ ਕਾਂਗਰਸੀ ਨੇਤਾ ਸਲਮਾਨ ਖੁਰਸ਼ੀਦ ਨੇ ਭਾਰਤੀ ਸੁਪਰੀਮ ਕੋਰਟ ਦੀ ਇਤਿਹਾਸਕ ਧਾਰਾ 370 ਮਾਮਲੇ ਵਿੱਚ ਮੋਦੀ ਸਰਕਾਰ ਦਾ ਪੱਖ ਲੈਣ ਲਈ ਆਲੋਚਨਾ ਕੀਤੀ ਹੈ, ਜਿਸ ਨੇ ਕਬਜ਼ੇ ਵਾਲੇ ਜੰਮੂ-ਕਸ਼ਮੀਰ ਦੇ ਵਿਸ਼ੇਸ਼ ਦਰਜੇ ਨੂੰ ਰੱਦ ਕਰ ਦਿੱਤਾ ਸੀ। ਪੱਤਰਕਾਰ ਬਸ਼ੀਰ ਅਸਦ ਦੀਆਂ ਕਿਤਾਬਾਂ, “ਕਸ਼ਮੀਰ: ਦ ਅਨਫਿਲਟਰਡ ਟਰੂਥ” ਅਤੇ “ਹਾਊਸ ਵਿਦਾਊਟ ਵਿਟਨੈਸ” ਦੇ ਲਾਂਚ ਮੌਕੇ ਬੋਲਦਿਆਂ, ਖੁਰਸ਼ੀਦ ਨੇ ਕਿਹਾ ਕਿ ਸੁਪਰੀਮ ਕੋਰਟ ਨੇ ਸੰਘਵਾਦ ਦੇ ਵਿਆਪਕ ਸੰਵਿਧਾਨਕ ਸਿਧਾਂਤ ਦੀ ਜਾਂਚ ਕਰਨ ਦੀ ਬਜਾਏ ਸਰਕਾਰ ਦੇ ਇਸ ਭਰੋਸੇ ‘ਤੇ ਭਰੋਸਾ ਕੀਤਾ ਕਿ ਜੰਮੂ-ਕਸ਼ਮੀਰ ਦਾ ਪੂਰਾ ਰਾਜ ਦਾ ਦਰਜਾ “ਤੇਜ਼ੀ ਨਾਲ” ਬਹਾਲ ਕੀਤਾ ਜਾਵੇਗਾ। “ਸੰਘਵਾਦ ਇੱਕ ਅਜਿਹੀ ਚੀਜ਼ ਹੈ ਜਿਸਨੂੰ ਅਸੀਂ ਸ਼ਾਇਦ ਉਦੋਂ ਗੁਆ ਦਿੱਤਾ ਜਦੋਂ ਸੁਪਰੀਮ ਕੋਰਟ ਕੋਲ ਸੰਘਵਾਦ ਦਾ ਇੱਕ ਸੱਚਾ ਟੈਸਟ ਕੇਸ ਚੁੱਕਣ ਦਾ ਮੌਕਾ ਸੀ,” 11 ਦਸੰਬਰ, 2023 ਨੂੰ, ਸੁਪਰੀਮ ਕੋਰਟ ਨੇ ਸਰਬਸੰਮਤੀ ਨਾਲ ਧਾਰਾ 370 ਨੂੰ ਰੱਦ ਕਰਨ ਨੂੰ ਬਰਕਰਾਰ ਰੱਖਿਆ ਅਤੇ ਨਿਰਦੇਸ਼ ਦਿੱਤਾ ਕਿ ਜੰਮੂ ਅਤੇ ਕਸ਼ਮੀਰ ਲਈ ਰਾਜ ਦਾ ਦਰਜਾ “ਜਲਦੀ ਤੋਂ ਜਲਦੀ” ਬਹਾਲ ਕੀਤਾ ਜਾਵੇ। ਖੁਰਸ਼ੀਦ ਨੇ ਸੰਘਵਾਦ ਦੀ ਡੂੰਘੀ ਨਿਆਂਇਕ ਜਾਂਚ ਨੂੰ ਬਾਈਪਾਸ ਕਰਨ ਲਈ ਅਦਾਲਤ ਦੀ ਆਲੋਚਨਾ ਕੀਤੀ, ਇਹ ਨੋਟ ਕੀਤਾ ਕਿ ਸਤਿਕਾਰਯੋਗ ਬਹਿਸ ਅਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਭਾਰਤ ਦੇ ਲੋਕਤੰਤਰੀ ਸਿਧਾਂਤਾਂ ਲਈ ਬਹੁਤ ਜ਼ਰੂਰੀ ਹੈ। ਰਾਜ ਸਭਾ ਮੈਂਬਰ ਮਨੋਜ ਸਿਨਹਾ, ਜੋ ਕਿ ਕਿਤਾਬ ਦੇ ਉਦਘਾਟਨ ਸਮੇਂ ਵੀ ਮੌਜੂਦ ਸਨ, ਨੇ “ਅਨਫਿਲਟਰਡ ਵਿਚਾਰ” ਪੇਸ਼ ਕਰਨ ਲਈ ਅਸਦ ਦੇ ਕੰਮਾਂ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਕਸ਼ਮੀਰੀ ਲੋਕਾਂ ਦੀਆਂ ਆਵਾਜ਼ਾਂ ਅਤੇ ਦੁੱਖਾਂ ਨੂੰ ਨਿਯਮਿਤ ਤੌਰ ‘ਤੇ ਨਜ਼ਰਅੰਦਾਜ਼ ਕੀਤਾ ਜਾਂਦਾ ਹੈ। ਅਜ਼ਾਦੀ ਪਸੰਦ ਕਸ਼ਮੀਰੀਆਂ ਦਾ ਦ੍ਰਿਸ਼ਟੀਕੋਣ ਹੈ ਕਿ ਨਾ ਤਾਂ ਸੰਘਵਾਦ ਅਤੇ ਨਾ ਹੀ ਧਾਰਾ 370 ਮੁੱਖ ਰਾਜਨੀਤਿਕ ਵਿਵਾਦ ਨੂੰ ਹੱਲ ਕਰਦੇ ਹਨ। ਜੰਮੂ ਅਤੇ ਕਸ਼ਮੀਰ ਅੰਤਰਰਾਸ਼ਟਰੀ ਕਾਨੂੰਨ ਅਧੀਨ ਇੱਕ ਵਿਵਾਦਿਤ ਖੇਤਰ ਬਣਿਆ ਹੋਇਆ ਹੈ, ਅਤੇ ਇਸਦੀ ਅੰਤਮ ਸਥਿਤੀ ਸਿਰਫ ਸੰਯੁਕਤ ਰਾਸ਼ਟਰ ਦੇ ਮਤਿਆਂ ਦੁਆਰਾ ਨਿਰਧਾਰਤ ਇੱਕ ਸੁਤੰਤਰ ਅਤੇ ਨਿਰਪੱਖ ਰਾਇਸ਼ੁਮਾਰੀ ਦੁਆਰਾ ਨਿਰਧਾਰਤ ਕੀਤੀ ਜਾ ਸਕਦੀ ਹੈ, ਜੋ ਕਿ ਕਸ਼ਮੀਰੀ ਲੋਕਾਂ ਦੀ ਇੱਛਾ ਅਤੇ ਇੱਛਾਵਾਂ ਦਾ ਸਤਿਕਾਰ ਕਰਦਾ ਹੈ।



# ਕੈਨੇਡੀਅਨ ਸਿੱਖ ਨੇ ਘਰ ਬਾਹਰ ਛੱਡ ਯੂਕਰੇਨ ’ਚ ਦਿੱਤੀ ਕੁਰਬਾਨੀ

ਅਟਵਾ:- ਕੈਨੇਡੀਅਨ ਸਿੱਖ ਮਨਦੀਪ ਸਿੰਘ (30) ਨੇ ਸੇਵਾ ਦੇ ਸਿੱਖੀ ਸਿਧਾਂਤ, ਮਾਨਵਤਾ ਦੀ ਨਿਰਸਵਾਰਥ ਸੇਵਾ ਅਤੇ ਜੰਗ ਵਿੱਚ ਫਸੇ ਲੋਕਾਂ ਦੀ ਮਦਦ ਕਰਨ ਦੀ ਆਪਣੀ ਖਾਹਿਸ਼ ਤੋਂ ਪ੍ਰੇਰਨਾ ਲੈਂਦਿਆਂ ਯੂਕਰੇਨ ਵਿੱਚ ਸਵੈ-ਇੱਛਾ ਨਾਲ ਸੇਵਾ ਕਰਨ ਲਈ ਬਰੈਂਪਟਨ ਓਂਟਾਰੀਓ ਵਿਚਲਾ ਆਪਣਾ ਘਰ ਛੱਡ ਦਿੱਤਾ। ਯੂਕਰੇਨ ਵਿਚ ਫੌਜੀ ਕਾਰਵਾਈ ਦੌਰਾਨ 27 ਅਕਤੂਬਰ, 2024 ਨੂੰ ਮਾਰੇ ਜਾਣ ਤੋਂ ਇੱਕ ਸਾਲ ਬਾਅਦ ਉਸ ਨੂੰ ਦਸੰਬਰ 2025 ਵਿੱਚ ਮਰਨ ਉਪਰੰਤ ਯੂਕਰੇਨੀ ਕੈਨੇਡੀਅਨ ਕੁਰਬਾਨੀ ਮੈਡਲ ਨਾਲ ਸਨਮਾਨਿਤ ਕੀਤਾ ਗਿਆ। ਕੀਵ ਪੋਸਟ ਦੀ ਰਿਪੋਰਟ ਮੁਤਾਬਕ ਮਨਦੀਪ, ਜਿਸ ਦਾ ਯੂਕਰੇਨ ਨਾਲ ਪਹਿਲਾਂ ਕੋਈ ਸਿੱਧਾ ਸਬੰਧ ਨਹੀਂ ਸੀ, ਨੂੰ ਟੋਰਾਂਟੋ ਵਿੱਚ ਇੱਕ ਸਮਾਰੋਹ ਵਿੱਚ ਸਨਮਾਨਿਤ ਕੀਤਾ ਗਿਆ। ਸਮਾਗਮ ਵਿਚ ਯੂਕਰੇਨੀ ਕੌਂਸਲ ਜਨਰਲ ਅਤੇ ਯੂਕਰੇਨੀ ਕੈਨੇਡੀਅਨ ਕਾਂਗਰਸ ਦੇ ਮੈਂਬਰ ਅਤੇ ਯੂਕਰੇਨੀ ਵਾਰ ਵੈਟਰਨਜ਼ ਐਸੋਸੀਏਸ਼ਨ ਆਫ ਕੈਨੇਡਾ ਵੀ ਸ਼ਾਮਲ ਸਨ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਯੂਕਰੇਨੀ ਕੌਂਸਲ ਜਨਰਲ ਓਲੇਹ ਨਿਕੋਲੇਂਕੋ ਨੇ ਫੇਸਬੁੱਕ ‘ਤੇ ਲਿਖਿਆ, ‘‘ਮਨਦੀਪ ਨੇ ਮਦਦ ਲਈ ਇੱਕ ਜ਼ਰੂਰੀ ਕਾਲ ਦਾ ਜਵਾਬ ਦਿੱਤਾ ਅਤੇ ਸਭ ਤੋਂ ਵੱਡੀ ਕੁਰਬਾਨੀ ਦਿੱਤੀ ਤਾਂ ਜੋ ਯੂਕਰੇਨੀ ਲੋਕ ਆਜ਼ਾਦੀ ਨਾਲ ਜਿਊਂ ਸਕਣ।’’ ਮਨਦੀਪ ਇਹ ਤਗ਼ਮਾ ਹਾਸਲ ਕਰਨ ਵਾਲੇ 14 ਲੋਕਾਂ ਵਿੱਚੋਂ ਇਕਲੌਤਾ ਸਿੱਖ ਕੈਨੇਡੀਅਨ ਹੈ। ਯੂਕਰੇਨੀ ਕੈਨੇਡੀਅਨ ਸੈਕਰੀਫਾਈਸ ਮੈਡਲ ਦੇ ਚੇਅਰਪਰਸਨ ਤਾਰਾਸ ਜੈਕੀਵ ਨੇ ਕੀਵ ਪੋਸਟ ਨੂੰ ਦਿੱਤੇ ਇੱਕ ਬਿਆਨ ਵਿੱਚ ਕਿਹਾ ‘‘ਅਸੀਂ ਉਨ੍ਹਾਂ ਦੇ ਰਿਣੀ ਹਾਂ ਤੇ ਇਹ ਕਰਜ਼ ਕਦੇ ਨਹੀਂ ਚੁਕਾਇਆ ਜਾ ਸਕਦਾ, ਅਤੇ ਅਸੀਂ ਇਹ ਯਕੀਨੀ ਬਣਾਵਾਂਗੇ ਕਿ ਉਨ੍ਹਾਂ ਦੀ ਕੁਰਬਾਨੀ ਨੂੰ ਹਮੇਸ਼ਾ ਯਾਦ ਰੱਖਿਆ ਜਾਵੇ।’’



ਮੁੰਬਈ ਵਿੱਚ ਜਨਮੇ ਮਨਦੀਪ ਦੇ ਮਾਤਾ-ਪਿਤਾ ਜਸਵਿੰਦਰ ਸਿੰਘ ਅਤੇ ਆਸ਼ਾ ਕੌਰ 2004 ਵਿੱਚ ਬਰੈਂਪਟਨ ਆਏ ਸਨ। ਪਰਿਵਾਰ ਨੇ ਉਸ ਨੂੰ ਅਨੁਸ਼ਾਸਿਤ, ਮਾਨਵਤਾਵਾਦੀ ਅਤੇ ਸੇਵਾ ਦੇ ਸਿੱਖੀ ਸਿਧਾਂਤ ਤੋਂ ਪ੍ਰੇਰਿਤ ਦੱਸਿਆ, ਜਿਸ ਨੇ ਇਨਾਮ ਦੀ ਉਮੀਦ ਤੋਂ ਬਿਨਾਂ ਮਨੁੱਖਤਾ ਦੀ ਨਿਰਸਵਾਰਥ ਸੇਵਾ ਕੀਤੀ। ਰਿਪੋਰਟ ਵਿੱਚ ਮਨਦੀਪ ਦੀ ਮਾਂ ਦੇ ਹਵਾਲੇ ਨਾਲ ਕਿਹਾ ਗਿਆ ਕਿ ‘ਉਹ ਹਮੇਸ਼ਾ ਕਹਿੰਦਾ ਸੀ ਕਿ ਜੇਕਰ ਉਸ ਦੀ ਜ਼ਿੰਦਗੀ ਕਿਸੇ ਦੇ ਕੰਮ ਆ ਜਾਵੇ ਤਾਂ ਉਸ ਨੂੰ ਇਸ ਗੱਲ ਦੀ ਤਸੱਲੀ ਰਹੇਗੀ।’’ਹਾਈ ਸਕੂਲ ਤੋਂ ਬਾਅਦ ਮਨਦੀਪ ਨੇ ਇੱਕ ਡਿਟੈਕਟਿਵ ਕੋਰਸ ਵਿੱਚ ਸਿਖਲਾਈ ਲਈ ਅਤੇ ਕੈਨੇਡੀਅਨ ਫੌਜ ਵਿੱਚ ਪਾਰਟ-ਟਾਈਮ ਸੇਵਾ ਕੀਤੀ। ਅਨੁਸ਼ਾਸਨ ਅਤੇ ਮਾਨਵਤਾਵਾਦੀ ਆਦਰਸ਼ਾਂ ਤੋਂ ਪ੍ਰੇਰਿਤ ਹੋ ਕੇ, ਉਸ ਨੇ 2023 ਦੇ ਅਖੀਰ ਵਿੱਚ ਯੂਕਰੇਨ ਵਿੱਚ ਸਵੈ-ਸੇਵਕ ਬਣਨ ਦਾ ਫੈਸਲਾ ਕੀਤਾ। ਉਸ ਨੇ ਜਨਵਰੀ 2024 ਵਿੱਚ ਪਹੁੰਚਣ ਤੋਂ ਪਹਿਲਾਂ ਪੋਲੈਂਡ ਦੀ ਯਾਤਰਾ ਕੀਤੀ ਅਤੇ ਅਕਤੂਬਰ ਵਿੱਚ ਆਪਣੇ ਆਖਰੀ ਮਿਸ਼ਨ ’ਤੇ ਜਾਣ ਤੋਂ ਪਹਿਲਾਂ ਅਪਰੈਲ ਵਿੱਚ ਥੋੜ੍ਹੇ ਸਮੇਂ ਲਈ ਕੈਨੇਡਾ ਵਾਪਸ ਆ ਗਿਆ। ਉਸ ਦੇ ਮਾਪਿਆਂ ਨੂੰ 29 ਅਕਤੂਬਰ, 2024 ਨੂੰ ਇੱਕ ਕਰੀਬੀ ਦੋਸਤ ਤੋਂ ਉਸ ਦੀ ਮੌਤ ਦੀ ਭਿਆਨਕ ਖ਼ਬਰ ਮਿਲੀ, ਹਾਲਾਂਕਿ ਉਸ ਦੀ ਗੋਲੀ ਲੱਗਣ ਕਾਰਨ ਦੋ ਦਿਨ ਪਹਿਲਾਂ ਹੀ ਮੌਤ ਹੋ ਗਈ ਸੀ। ਮਨਦੀਪ ਦੀਆਂ ਅਸਥੀਆਂ ਨੂੰ ਮਹੀਨਿਆਂ ਦੀ ਪ੍ਰਸ਼ਾਸਕੀ ਕਾਰਵਾਈ ਤੋਂ ਬਾਅਦ ਕੈਨੇਡਾ ਵਾਪਸ ਭੇਜਿਆ ਗਿਆ ਸੀ। ਉਸ ਦਾ ਅੰਤਿਮ ਸੰਸਕਾਰ 13 ਅਪਰੈਲ, 2025 ਨੂੰ ਵਿਸਾਖੀ ਵਾਲੇ ਦਿਨ ਕੀਤਾ ਗਿਆ ਸੀ।

# ਬੰਗਲਾਦੇਸ਼ ਦਾ ਭਾਰਤ ’ਚ ਟੀ-20 ਵਿਸ਼ਵ ਕੱਪ ਖੇਡਣ ਤੋਂ ਕੋਰਾ ਇਨਕਾਰ

ਢਾਕਾ:ਬੰਗਲਾਦੇਸ਼ ਕ੍ਰਿਕਟ ਬੋਰਡ ਦੇ ਪ੍ਰਧਾਨ ਅਮੀਨੁਲ ਇਸਲਾਮ ਬੁਲਬੁਲ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਆਪਣੀ ਟੀਮ ਨੂੰ ਟੀ-20 ਵਿਸ਼ਵ ਕੱਪ ਲਈ ਭਾਰਤ ਨਹੀਂ ਭੇਜਣਗੇ। ਹਾਲਾਂਕਿ ਕੌਮਾਂਤਰੀ ਕ੍ਰਿਕਟ ਕੌਂਸਲ ਨੇ ਬੰਗਲਾਦੇਸ਼ ਦੇ ਮੈਚ ਭਾਰਤ ਤੋਂ ਬਾਹਰ ਕਰਵਾਉਣ ਦੀ ਅਪੀਲ ਨੂੰ ਰੱਦ ਕਰ ਦਿੱਤਾ ਹੈ। ਬੁਲਬੁਲ ਨੇ ਕਿਹਾ ਕਿ ਅਸੀਂ ਵਿਸ਼ਵ ਕੱਪ ਖੇਡਣਾ ਚਾਹੁੰਦੇ ਹਾਂ ਪਰ ਭਾਰਤ ਵਿੱਚ ਨਹੀਂ। ਉਨ੍ਹਾਂ ਨੇ ਮੁਸਤਫਿਜ਼ੁਰ ਰਹਿਮਾਨ ਨੂੰ ਆਈਪੀਐਲ ਤੋਂ ਬਾਹਰ ਕੀਤੇ ਜਾਣ ਅਤੇ ਘੱਟ ਗਿਣਤੀਆਂ ਦੇ ਮੁੱਦੇ ਤੇ ਭਾਰਤ ਦੇ ਰਵੱਈਏ ਨੂੰ ਇਸ ਫੈਸਲੇ ਦਾ ਵੱਡਾ ਕਾਰਨ ਦੱਸਿਆ ਹੈ।



ਲੇਡੀਜ ਟੇਲਰਿੰਗ
*Simple Suit $40 *Lehnga $100
*Lining Suit $70 *Zipper $5 Extra
Shirt with Lining $60 Alteration Starts from $10
ਹਰ ਕਿਸਮ ਦੇ ਪੰਜਾਬੀ ਲੇਡੀਜ ਸੂਟ, ਬਲਾਊਜ, ਲਹਿੰਗਾ ਆਦਿ ਦੀ ਪ੍ਰੋਫੈਸ਼ਨਲ ਸਿਲਾਈ ਅਤੇ ਆਲਟਰੇਸ਼ਨ ਕਰਵਾਉਣ ਲਈ ਮਿਲੋ
604-799-8160
October end



ਪਿਛਲੇ 25 ਸਾਲ ਤੋਂ ਇੰਡੀਅਨ ਰੈਸਟੋਰੈਂਟ ਚਲਾ ਰਹੇ (India Bistro Roosevelt) ਨੇ ਸ਼ੁਰੂ ਕਰ ਦਿੱਤੀ ਹੈ
#1 Services On Your Special Events
SARDAR JI CATERING
SARDAR JI CATERING
Website:www.sardarjicatering.com

ਗੁਰਦੁਆਰਾ ਸਾਹਿਬ ਦੇ ਪ੍ਰੋਗਰਾਮਾਂ ਲਈ ਸੇਵਾਵਾਂ ਵੀ ਦਿੰਦੇ ਹਾਂ ਅਤੇ ਲੰਗਰ ਪੂਰੀ ਗੁਰ ਮਰਿਯਾਦਾ ਅਨੁਸਾਰ ਤਿਆਰ ਕੀਤਾ ਜਾਂਦਾ ਹੈ
- ਸ਼ਾਨਦਾਰ ਸਰਵਿਸ (ਤਜਰਬੇਕਾਰ ਅਤੇ ਟਰੇਨਡ ਕੁੱਕ)
- ਅਸੀਂ ਕੇਟਰਿੰਗ ਲਈ ਲਾਇਸੈਂਸਡ ਹਾਂ ਤੇ Hygenic Services ਦਿੰਦੇ ਹਾਂ
- ਪੰਜਾਬੀਆਂ ਦੇ ਜਾਇਕੇਦਾਰ ਲਾਜਵਾਬ ਸਵਾਦਲੇ ਖਾਣੇ ਬਣਾਉਂਦੇ ਹਾਂ
- ਕੇਟਰਿੰਗ ਤੋਂ ਇਲਾਵਾ ਕਰੌਕਰੀ ਅਤੇ ਵੇਟਰਾਂ ਦਾ ਪ੍ਰਬੰਧ ਕਰਦੇ ਹਾਂ
- LIVE FRESH ਕੁਕਿੰਗ
- Excellent Food Presentation
- ਤੁਹਾਡੇ ਬੱਜਟ ਤੇ ਸਵਾਦ ਮੁਤਾਬਕ ਕਸਟਮਮੇਡ Menus
- ਹਰ ਤਰ੍ਹਾਂ ਦੇ ਫੰਕਸ਼ਨ ਤੇ ਸੇਵਾਵਾਂ ਪ੍ਰਦਾਨ ਕਰਦੇ ਹਾਂ
- ਲਾਇਸੈਂਸਡ ਫੂਡ ਟਰੱਕ ਅਤੇ ਤੰਦੂਰ ਲਾਉਂਦੇ ਹਾਂ

Special Catering Service for 100-125 persons
*No matter the Event *Count on us * Available for all occasions
ਬੈਲਿੰਗਹਾਮ ਤੋਂ ਪੋਰਟਲੈਂਡ ਤੱਕ ਕੇਟਰਿੰਗ ਕਰਦੇ ਹਾਂ
For Catering Enquiries Contact: Off:206-517-4444, Cell:206-771-5079
6417 Roosevelt Way NE #105, Seattle WA 98115 Email:sardarjicatering@gmail.com

# ਇੰਦੌਰ ਦਾ ਮੰਗੀ ਲਾਲ ਭਿਖਾਰੀ ਕਰੋੜਪਤੀ ਨਿਕਲਿਆ



ਇੰਦੌਰ:-ਭਾਰਤ ਵਿੱਚ ਭੀਖ ਮੰਗਣ ਨਾਲ ਜੁੜੀ ਇੱਕ ਹੈਰਾਨ ਕਰਨ ਵਾਲੀ ਹਕੀਕਤ ਸਾਹਮਣੇ ਆਈ ਹੈ, ਜਿੱਥੇ ਇੰਦੌਰ ਦੇ ਇੱਕ ਭੀੜ-ਭੜੱਕੇ ਵਾਲੇ ਬਾਜ਼ਾਰ ਵਿੱਚ ਬੈਠਾ ਇੱਕ ਅਪਾਹਜ ਵਿਅਕਤੀ ਕਰੋੜਪਤੀ ਹੋਣ ਦਾ ਪਤਾ ਲੱਗਿਆ ਹੈ।ਮੰਗੀ ਲਾਲ ਵਜੋਂ ਪਛਾਣਿਆ ਗਿਆ ਇਹ ਆਦਮੀ ਇੱਕ ਸਾਦਾ ਜੀਵਨ ਬਤੀਤ ਕਰਦਾ ਦਿਖਾਈ ਦੇ ਰਿਹਾ ਸੀ। ਭਾਰਤੀ ਮੀਡੀਆ ਰਿਪੋਰਟਾਂ ਦੇ ਅਨੁਸਾਰ, ਮੰਗੀ ਲਾਲ ਹਰ ਰੋਜ਼ ਚੁੱਪ-ਚਾਪ ਇੱਕ ਲੋਹੇ ਦੀ ਥੜੀ ਥੜੀ 'ਤੇ ਬੈਠਦਾ ਸੀ।ਜਾਂਚ ਤੋਂ ਪਤਾ ਲੱਗਾ ਕਿ ਉਸਦੀ ਆਮਦਨ ਸਿਰਫ਼ ਭੀਖ ਮੰਗਣ ਤੱਕ ਹੀ ਸੀਮਿਤ ਨਹੀਂ ਸੀ। ਮੰਗੀ ਲਾਲ ਦਿਨ ਵੇਲੇ ਇਕੱਠੇ ਕੀਤੇ ਪੈਸੇ ਨੂੰ ਰਾਤ ਨੂੰ ਬਾਜ਼ਾਰ ਦੇ ਵਪਾਰੀਆਂ ਨੂੰ ਇੱਕ ਦਿਨ ਜਾਂ ਇੱਕ ਹਫ਼ਤੇ ਲਈ ਉਧਾਰ ਦਿੰਦਾ ਸੀ, ਨਿਯਮਿਤ ਤੌਰ 'ਤੇ ਵਿਆਜ ਲੈਂਦਾ ਸੀ। ਇਹ ਅਭਿਆਸ ਉਸਦੀ ਆਮਦਨ ਦਾ ਮੁੱਖ ਸਰੋਤ ਬਣ ਗਿਆ ਸੀ।ਪਤਾ ਲੱਗਾ ਕਿ ਮੰਗੀ ਲਾਲ ਕੋਲ ਤਿੰਨ ਘਰ, ਤਿੰਨ ਆਟੋ-ਰਿਕਸ਼ਾ ਅਤੇ ਇੱਕ ਕਾਰ ਸੀ। ਉਸਦੇ ਆਟੋ-ਰਿਕਸ਼ਾ ਕਿਰਾਏ 'ਤੇ ਚਲਾਏ ਜਾ ਰਹੇ ਸਨ, ਅਤੇ ਉਸਨੇ ਆਪਣੀ ਕਾਰ ਲਈ ਇੱਕ ਸਥਾਈ ਡਰਾਈਵਰ ਵੀ ਰੱਖਿਆ ਹੋਇਆ ਸੀ।


# ਟੈਰਿਫ ਵਧਾਉਣ ਦੀਆਂ ਧਮਕੀਆਂ ਨੇ ਯੂਰਪੀਅਨ ਯੂਨੀਅਨ ਨੂੰ ਕੀਤਾ ਚੌਕਸ

ਵਾਸ਼ਿੰਗਟਨ/ਬ੍ਰਸਲਜ਼- ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਗ੍ਰੀਨਲੈਂਡ ਨੂੰ ਲੈ ਕੇ ਦਿੱਤੇ ਗਏ ਹਮਲਾਵਰ ਬਿਆਨਾਂ ਅਤੇ ਟੈਰਿਫ ਵਧਾਉਣ ਦੀਆਂ ਧਮਕੀਆਂ ਨੇ ਯੂਰਪੀਅਨ ਯੂਨੀਅਨ (ਈ.ਯੂ.) ਨੂੰ ਚੌਕਸ ਕਰ ਦਿੱਤਾ ਹੈ। ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੌਂ ਨੇ ਯੂਰਪੀਅਨ ਯੂਨੀਅਨ ਨੂੰ ਅਮਰੀਕਾ ਦੇ ਖਿਲਾਫ ਸਖ਼ਤ ਵਪਾਰਕ ਜਵਾਬੀ ਕਾਰਵਾਈ ਕਰਨ ਲਈ ਤਿਆਰ ਰਹਿਣ ਲਈ ਕਿਹਾ ਹੈ, ਜਿਸ ਨੂੰ ਗੈਰ-ਅਧਿਕਾਰਤ ਤੌਰ 'ਤੇ 'ਟ੍ਰੇਡ ਬਾਜ਼ੂਕਾ' ਕਿਹਾ ਜਾ ਰਿਹਾ ਹੈ।ਇਸ ਦਾ ਅਧਿਕਾਰਤ ਨਾਂ ਐਂਟੀ-ਕੋਅਰਸ਼ਨ ਇੰਸਟਰੂਮੈਂਟ ਹੈ। ਇਹ ਇਕ ਅਜਿਹੀ ਵਿਵਸਥਾ ਹੈ, ਜਿਸ ਤਹਿਤ ਯੂਰਪੀਅਨ ਯੂਨੀਅਨ ਉਨ੍ਹਾਂ ਦੇਸ਼ਾਂ ਜਾਂ ਕੰਪਨੀਆਂ ਵਿਰੁੱਧ ਸਖ਼ਤ ਕਾਰਵਾਈ ਕਰ ਸਕਦੀ ਹੈ, ਜੋ ਯੂਰਪ 'ਤੇ ਆਰਥਿਕ ਜਾਂ ਰਾਜਨੀਤਿਕ ਦਬਾਅ ਬਣਾਉਣ ਦੀ ਕੋਸ਼ਿਸ਼ ਕਰਦੇ ਹਨ। ਜੇਕਰ ਇਸ ਨੂੰ ਲਾਗੂ ਕੀਤਾ ਜਾਂਦਾ ਹੈ, ਤਾਂ ਅਮਰੀਕੀ ਕੰਪਨੀਆਂ ਦੇ ਯੂਰਪੀਅਨ ਬਾਜ਼ਾਰ 'ਚ ਦਾਖਲੇ 'ਤੇ ਰੋਕ ਲਗਾਈ ਜਾ ਸਕਦੀ ਹੈ ਅਤੇ ਉਨ੍ਹਾਂ ਨੂੰ ਸਰਕਾਰੀ ਟੈਂਡਰਾਂ ਤੋਂ ਬਾਹਰ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ, ਵਿਦੇਸ਼ੀ ਨਿਵੇਸ਼ ਅਤੇ ਆਯਾਤ-ਨਿਰਯਾਤ 'ਤੇ ਵੀ ਪਾਬੰਦੀਆਂ ਲੱਗ ਸਕਦੀਆਂ ਹਨ, ਜਿਸ ਨਾਲ ਅਮਰੀਕਾ ਨੂੰ ਅਰਬਾਂ ਡਾਲਰਾਂ ਦਾ ਨੁਕਸਾਨ ਹੋ ਸਕਦਾ ਹੈ।ਦਾਵੋਸ ਵਿਚ ਬੋਲਦਿਆਂ ਮੈਕਰੌਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਅਮਰੀਕਾ ਨਵੇਂ ਟੈਰਿਫ ਲਗਾਉਂਦਾ ਹੈ ਤਾਂ ਈ.ਯੂ. ਨੂੰ ਪਹਿਲੀ ਵਾਰ ਇਸ ਸ਼ਕਤੀਸ਼ਾਲੀ ਹਥਿਆਰ ਦੀ ਵਰਤੋਂ ਕਰਨੀ ਪੈ ਸਕਦੀ ਹੈ। ਉਨ੍ਹਾਂ ਕਿਹਾ ਕਿ ਆਪਣੇ ਸਹਿਯੋਗੀ ਵਿਰੁੱਧ ਅਜਿਹਾ ਕਦਮ ਚੁੱਕਣਾ 'ਪਾਗਲਪਨ' ਹੋਵੇਗਾ ਅਤੇ ਬਿਹਤਰ ਹੁੰਦਾ ਕਿ ਸਾਰਾ ਧਿਆਨ ਯੂਕਰੇਨ ਵਿਚ ਸ਼ਾਂਤੀ ਸਥਾਪਤ ਕਰਨ 'ਤੇ ਲਗਾਇਆ ਜਾਂਦਾ, ਪਰ ਅਮਰੀਕਾ ਦੀ ਬੇਵਜ੍ਹਾ ਦੀ ਹਮਲਾਵਰਤਾ ਉਨ੍ਹਾਂ ਨੂੰ ਮਜਬੂਰ ਕਰ ਸਕਦੀ ਹੈ।

# ਟਰੰਪ ਦਾ ਯੂਟਰਨ:ਯੂਰਪੀ ਮੁਲਕਾਂ ਨੂੰ ਦਿੱਤੀ ਟੈਰਿਫ਼ ਦੀ ਧਮਕੀ ਲਈ ਵਾਪਸ

ਦਾਵੋਸ- ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਵੀਰਵਾਰ ਨੂੰ ਕਿਹਾ ਕਿ ਉਹ ਗ੍ਰੀਨਲੈਂਡ ਨੂੰ ਲੈ ਕੇ ਕੁਝ ਯੂਰਪੀਅਨ ਮੁਲਕਾਂ ਉੱਤੇ ਟੈਰਿਫ ਲਗਾਉਣ ਦੀਆਂ ਆਪਣੀਆਂ ਯੋਜਨਾਵਾਂ ਉੱਤੇ ਅੱਗੇ ਨਹੀਂ ਵਧਣਗੇ। ਟਰੰਪ ਨੇ 1 ਫਰਵਰੀ ਤੋਂ ਟੈਰਿਫ ਲਾਗੂ ਕਰਨ ਦੀ ਆਪਣੀ ਪਿਛਲੀ ਧਮਕੀ ਨੂੰ ਵਾਪਸ ਲੈ ਲਿਆ ਹੈ।ਇਹ ਫੈਸਲਾ ਨਾਟੋ ਦੇ ਸਕੱਤਰ ਜਨਰਲ ਮਾਰਕ ਰੁਟੇ ਨਾਲ 'ਲਾਭਕਾਰੀ' ਮੀਟਿੰਗ ਤੋਂ ਬਾਅਦ ਆਇਆ ਹੈ, ਜਿਸ ਦੌਰਾਨ ਅਮਰੀਕੀ ਰਾਸ਼ਟਰਪਤੀ ਨੇ ਗ੍ਰੀਨਲੈਂਡ ਅਤੇ ਵਿਸ਼ਾਲ ਆਰਕਟਿਕ ਖੇਤਰ ਸਬੰਧੀ ਭਵਿੱਖੀ ਸੌਦੇ ਲਈ ਇੱਕ ਢਾਂਚੇ ਦੀ ਨੀਂਹ ਵੀ ਰੱਖੀ। ਟਰੂਥ ਸੋਸ਼ਲ 'ਤੇ ਇੱਕ ਪੋਸਟ ਵਿੱਚ ਟਰੰਪ ਨੇ ਇਸ ਪੇਸ਼ਕਦਮੀ ਨੂੰ ਅਮਰੀਕਾ ਤੇ ਨਾਟੋ ਸਹਿਯੋਗੀਆਂ ਦੋਵਾਂ ਲਈ ਲਾਭਦਾਇਕ ਦੱਸਿਆ। ਟਰੰਪ ਨੇ ਲਿਖਿਆ, ''ਨਾਟੋ ਦੇ ਸਕੱਤਰ ਜਨਰਲ ਮਾਰਕ ਰੁਟੇ ਨਾਲ ਮੇਰੀ ਇੱਕ ਬਹੁਤ ਹੀ ਲਾਭਕਾਰੀ ਮੀਟਿੰਗ ਦੇ ਆਧਾਰ 'ਤੇ, ਅਸੀਂ ਗ੍ਰੀਨਲੈਂਡ ਤੇ ਪੂਰੇ ਆਰਕਟਿਕ ਖੇਤਰ ਦੇ ਸਬੰਧ ਵਿੱਚ ਇੱਕ ਭਵਿੱਖੀ ਸੌਦੇ ਦਾ ਢਾਂਚਾ ਬਣਾਇਆ ਹੈ। ਇਹ ਹੱਲ ਜੇਕਰ ਸਿਰੇ ਚੜ੍ਹ ਜਾਂਦਾ ਹੈ ਤਾਂ ਅਮਰੀਕਾ ਅਤੇ ਸਾਰੇ ਨਾਟੋ ਦੇਸ਼ਾਂ ਲਈ ਲਾਭਕਾਰੀ ਹੋਵੇਗਾ। ਦੋਵਾਂ ਧਿਰਾਂ 'ਚ ਬਣੀ ਇਸ ਸਮਝ ਦੇ ਆਧਾਰ 'ਤੇ ਮੈਂ 1 ਫਰਵਰੀ ਤੋਂ ਲਾਗੂ ਹੋਣ ਵਾਲੇ ਟੈਰਿਫ ਨਹੀਂ ਲਗਾਵਾਂਗਾ।''


GAUTAM & ASSOCIATES
TRIAL LAWYERS




OUR AREAS OF EXPERTISE
*PERSONAL INJURY LAW
*VISA REFUSALS
*IMMEDIATE ROADSIDE
*PROHIBITIONS *FAMILY LAW
*CIVIL AND COMMERCIAL
*LITIGATION *WILLS AND ESTATES

ਅੱਜ ਹੀ ਸੰਪਰਕ ਕਰੋ
604-593-5310
Email:dkgautam@galawyers.ca
#210-8028-128St, Surrey, BC



Member FDIC EQUAL HOUSING LENDER SBA Preferred Lender



Best-in-Class Banking Built to Respect Your Journey

Bank of Hope SBA Loans*
- Fast decisions through PLP Lender
- Long term financing up to 25 years for real estate loans, 10 years for business loans
- Low down payments as low as 10% for real estate loans
- Fully amortized payments with no balloon payments
- Closing costs financing available for eligible applicants

*All terms and conditions are subject to underwriting and credit approval.

Bank of Hope Commercial Lending
- Commercial Loans
  - Financing for retail strip centers and apartment purchases or refinances
- Term Loan Features
  - Up to 7-year installment terms
  - Fixed monthly payments (principal & interest) with full repayment at maturity
  - Lump sum disbursement
  - Fixed or variable interest rates
- Commercial Real Estate Loans & Lines of Credit
  - Ideal for purchasing or refinancing commercial properties for business owners

Top 2% SBA Lender in the U.S. by Volume‡

Brian Kang Business Banking / SVP & PNW Business Banking Regional Director
Seattle Office (425) 921-1098 Portland Office (971) 801-6275

Scan for more Info

Bank of Hope®


‡Source: SBA national lender rankings for Fiscal Year ended 09/30/2024.

# ਭਾਰਤੀ ਮੂਲ ਦੇ ਸੰਜੇ ਟੇਲਰ ਇਲੀਨੋਇਸ ਸੁਪਰੀਮ ਕੋਰਟ ਦੇ ਜੱਜ ਬਣੇ



ਸੈਕਰਾਮੈਂਟੋ, ਕੈਲੀਫੋਰਨੀਆ (ਹੁਸਨ ਲੜੋਆ ਬੰਗਾ)- ਭਾਰਤੀ ਮੂਲ ਦੇ ਸੰਜੇ ਟੀ ਟੇਲਰ ਨੂੰ ਇਲੀਨੋਇਸ ਸੁਪਰੀਮ ਕੋਰਟ ਦਾ ਜੱਜ ਨਿਯੁਕਤ ਕੀਤਾ ਗਿਆ ਹੈ। ਉਹ 30 ਜਨਵਰੀ ਨੂੰ ਅਹੁੱਦਾ ਸੰਭਾਲਣਗੇ। ਉਹ ਭਾਰਤੀ ਮੂਲ ਦੇ ਪਹਿਲੇ ਜੱਜ ਹਨ ਜਿਨਾਂ ਦੀ ਰਾਜ ਦੀ ਚੋਟੀ ਦੀ ਅਦਾਲਤ ਵਿੱਚ ਨਿਯੁਕਤੀ ਹੋਈ ਹੈ। ਉਹ ਸੇਵਾ ਮੁਕਤ ਹੋਏ ਜੱਜ ਮੈਰੀ ਜੇਨ ਥੀਸ ਦੀ ਜਗਾ ਲੈਣਗੇ। ਟੇਲਰ ਦੀ ਚੋਣ ਇਲੀਨੋਇਸ ਦੀ ਸੰਵਿਧਾਨਕ ਪ੍ਰਕ੍ਰਿਆ ਦੁਆਰਾ ਹੋਈ ਹੈ ਜਿਸ ਤਹਿਤ ਜਦੋਂ ਕੋਈ ਜੱਜ ਆਪਣੇ ਕਾਰਜਕਾਲ ਤੋਂ ਪਹਿਲਾਂ ਸੇਵਾ ਮੁਕਤ ਹੋ ਜਾਂਦਾ ਹੈ ਤਾਂ ਉਸ ਦੀ ਜਗਾ 'ਤੇ ਅੰਤ੍ਰਿਮ ਨਿਯੁਕਤੀ ਕੀਤੀ ਜਾਂਦੀ ਹੈ। ਉਹ 4 ਦਸੰਬਰ 2028 ਤੱਕ ਇਸ ਅਹੁੱਦੇ 'ਤੇ ਰਹਿਣਗੇ। ਟੇਲਰ ਦਾ 23 ਸਾਲ ਦਾ ਜੁਡੀਸ਼ੀਅਲ ਕਰੀਅਰ ਹੈ ਜਿਸ ਦੌਰਾਨ ਉਨਾਂ ਨੇ ਟਰਾਇਲ ਜੱਜ, ਅਪੀਲ ਜੱਜ ਦੇ ਤੌਰ 'ਤੇ ਸੇਵਾਵਾਂ ਨਿਭਾਈਆਂ ਹਨ। ਉਨਾਂ ਨੇ ਆਪਣਾ ਜੁਡੀਸ਼ੀਅਲ ਕਰੀਅਰ ਅਪ੍ਰੈਲ 2003 ਵਿੱਚ ਕੁੱਕ ਕਾਊਂਟੀ ਸਰਕਟ ਕੋਰਟ ਦੇ ਐਸੋਸੀਏਟ ਜੱਜ ਵਜੋਂ ਸ਼ੁਰੂ ਕੀਤਾ ਸੀ।

# ਟਰੰਪ ਦੇ ਦਬਾਅ ਕਾਰਨ ਮੈਕਸੀਕੋ ਨੇ 37 ਖ਼ਤਰਨਾਕ ਨਸ਼ਾ ਸਮੱਗਲਰਾਂ ਨੂੰ ਅਮਰੀਕਾ ਹਵਾਲੇ ਕੀਤਾ



ਮੈਕਸੀਕੋ ਸਿਟੀ-ਮੈਕਸੀਕੋ ਨੇ ਨਸ਼ਾ ਸਮੱਗਲਰ ਗਿਰੋਹਾਂ ਦੇ 37 ਹੋਰ ਮੈਂਬਰਾਂ ਨੂੰ ਅਮਰੀਕਾ ਦੇ ਹਵਾਲੇ ਕਰ ਦਿੱਤਾ ਹੈ। ਇਹ ਕਾਰਵਾਈ ਅਜਿਹੇ ਸਮੇਂ ਹੋਈ ਹੈ, ਜਦੋਂ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਪ੍ਰਸ਼ਾਸਨ ਹੱਦ ਪਾਰ ਨਸ਼ਿਆਂ ਦੀ ਸਮੱਗਲਿੰਗ ਕਰਨ ਵਾਲੇ ਅਪਰਾਧਿਕ ਨੈੱਟਵਰਕਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਲਈ ਵੱਖ-ਵੱਖ ਸਰਕਾਰਾਂ 'ਤੇ ਦਬਾਅ ਵਧਾ ਰਿਹਾ ਹੈ।ਮੈਕਸੀਕੋ ਦੇ ਸੁਰੱਖਿਆ ਮੰਤਰੀ ਉਮਰ ਗਾਰਸੀਆ ਹਾਰਫੁਚ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਦੱਸਿਆ ਕਿ ਅਮਰੀਕਾ ਭੇਜੇ ਗਏ ਇਹ ਲੋਕ 'ਸ਼ਾਤਿਰ ਅਪਰਾਧੀ' ਸਨ ਅਤੇ ਦੇਸ਼ ਦੀ ਰਾਸ਼ਟਰੀ ਸੁਰੱਖਿਆ ਲਈ ਅਸਲ ਖ਼ਤਰਾ ਬਣੇ ਹੋਏ ਸਨ। ਅਧਿਕਾਰੀਆਂ ਵੱਲੋਂ ਜਾਰੀ ਕੀਤੇ ਗਏ ਇਕ ਵੀਡੀਓ ਵਿਚ ਦਿਖਾਇਆ ਗਿਆ ਹੈ ਕਿ ਹੱਥਕੜੀਆਂ ਲੱਗੇ ਕੈਦੀਆਂ ਨੂੰ ਭਾਰੀ ਹਥਿਆਰਾਂ ਨਾਲ ਲੈਸ ਨਕਾਬਪੋਸ਼ ਸੁਰੱਖਿਆ ਕਰਮਚਾਰੀਆਂ ਨੇ ਘੇਰਿਆ ਹੋਇਆ ਹੈ ਅਤੇ ਉਨ੍ਹਾਂ ਨੂੰ ਮੈਕਸੀਕੋ ਸਿਟੀ ਦੇ ਬਾਹਰੀ ਇਲਾਕੇ ਵਿਚ ਇਕ ਫੌਜੀ ਜਹਾਜ਼ ਵਿਚ ਚੜ੍ਹਾਇਆ ਜਾ ਰਿਹਾ ਹੈ।

ਸੁਰੱਖਿਆ ਮੰਤਰੀ ਅਨੁਸਾਰ, ਮੈਕਸੀਕੋ ਹੁਣ ਤੱਕ ਕੁੱਲ 92 ਲੋਕਾਂ ਨੂੰ ਅਮਰੀਕਾ ਭੇਜ ਚੁੱਕਾ ਹੈ। ਇਕ ਸਾਲ ਤੋਂ ਵੀ ਘੱਟ ਸਮੇਂ ਵਿਚ ਇਹ ਤੀਜੀ ਵਾਰ ਹੈ, ਜਦੋਂ ਮੈਕਸੀਕੋ ਨੇ ਹਿਰਾਸਤ ਵਿਚ ਲਏ ਗਏ ਸਮੱਗਲਰਾਂ ਨੂੰ ਅਮਰੀਕਾ ਦੇ ਹਵਾਲੇ ਕੀਤਾ ਹੈ। ਦੱਸਿਆ ਜਾ ਰਿਹਾ ਹੈ ਕਿ ਮੈਕਸੀਕੋ ਇਹ ਕਦਮ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਵਧਦੇ ਦਬਾਅ ਅਤੇ ਧਮਕੀਆਂ ਦੇ ਸਾਹਮਣੇ ਚੁੱਕ ਰਿਹਾ ਹੈ। ਹਾਲਾਂਕਿ, ਅਮਰੀਕੀ ਵਿਦੇਸ਼ ਮੰਤਰਾਲੇ ਅਤੇ ਨਿਆਂ ਮੰਤਰਾਲੇ ਨੇ ਅਜੇ ਤੱਕ ਇਸ ਮਾਮਲੇ 'ਤੇ ਕੋਈ ਅਧਿਕਾਰਤ ਟਿੱਪਣੀ ਨਹੀਂ ਕੀਤੀ ਹੈ।

# ਪੰਜਾਬੀ (ਭਾਈਚਾਰਾ) ਸਸਕਾਰ ਸੋਸਾਇਟੀ ਸਥਾਪਤ



ਸਿਆਟਲ (19 ਜਨਵਰੀ 2026) ਪੰਜਾਬੀ ਕਲਚਰਲ ਸੋਸਾਇਟੀ ਦੇ ਪ੍ਰਧਾਨ ਹਰਦਿਆਲ ਸਿੰਘ ਚੀਮਾ { ਵਹਿਣੀਵਾਲ } ਦੇ ਸੱਦੇ ਤੇ ਕੱਲ੍ਹ ਦੁਪਿਹਰ ਸਾਡੇ ਦਫਤਰ ਵਿਖੇ ਸਭਾ ਦੇ ਕਰਤਾ ਧਰਤਾ ਲਾਲੀ ਸੰਧੂ ਜੀ ਦੀ ਰਹਿਨੁਮਾਈ ਹੇਠ ਕਈ ਪਤਵੰਤਿਆਂ ਦੀ ਮੌਜੂਦਗੀ ਵਿੱਚ ਨਵੇ ਮਸਲਿਆਂ ਉਤੇ ਵਿਚਾਰ ਕੀਤੀ ਗਈ । ਦੋਸਤੋ ਤੁਹਾਨੂੰ ਪਤਾ ਹੀ ਹੈ ਕਿ ਪੰਜਾਬੀ ਕਲਚਰਲ ਸੋਸਾਇਟੀ ਸਿਆਟਲ ਤਕਰੀਬਨ ਪਿਛਲੇ 19 ਕੁ ਸਾਲਾਂ ਤੋਂ ਸਭਿਆਚਾਰਕ ਪ੍ਰੋਗਰਾਮ (ਖਾਸ ਤੌਰ ਤੇ ਬਜ਼ੁਰਗਾਂ ਦੇ ਮਨੋਰੰਜਨ ਨੂੰ ਮੁੱਖ ਰਖਦਿਆਂ) ਕਰਵਾਉਂਦੀ ਆ ਰਹੀ ਹੈ ਜਿਸਦੀ ਸਿਆਟਲ ਅਤੇ ਆਸ ਪਾਸ ਰਹਿੰਦੇ ਭਾਈਚਾਰੇ ਵੱਲੋਂ ਪ੍ਰਸੰਸਾ ਕੀਤੀ ਜਾਂਦੀ ਰਹੀ ਹੈ ਸੋ ਇਸੇ ਲੜੀ ਅਧੀਨ ਪੰਜਾਬੀ ਕਲਚਰਲ ਸੋਸਾਇਟੀ ਵੱਲੋਂ 13 ਦਸੰਬਰ 2025 ਨੂੰ ੰ ਅ ਧਧ ਵਾਲਿਆਂ ਦੀ ਸਹਾਇਤਾ ਨਾਲ ਸ਼ਰਾਬ ਪੀ ਕੇ ਜਾਂ ਡਰੱਗ ਲੈ ਕੇ ਗੱਡੀ ਚਲਾਉਣ ਨਾਲ 70% ਵਾਪਰੇ ਹਾਦਸਿਆਂ ਦੌਰਾਨ ਅਨੇਕਾਂ ਹੀ ਬੇ-ਦੋਸ਼ੇ ਜਾਨਾ ਗੁਆ ਬੈਠੇ ਹਨ ਤਾਂ ਇਸ ਕਰਕੇ ਉਨ੍ਹਾਂ ਦੇ ਪ੍ਰੀਵਾਰਾਂ ਨੂੰ ਵੀ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਜਿਸ ਕਰਕੇ ਮੈਡਮ ਕੈਂਡਸ ਰੀਡ, ਡਾਕਟਰ ਕਾਲਾ ਸਿੰਘ ਜੀ, ਪਰਵਿੰਦਰ ਕੌਰ ਜੀ , ਮਲਿਕਾ ਬੈਂਸ ਜੀ ,ਆਦਿ ਨੇ ਪੰਜਾਬੀ ਭਾਸ਼ਾ ਵਿੱਚ ਲੋਕਾਂ ਨੂੰ ਜਾਗਰੁਕ ਕੀਤਾ ਕਿ ਇਸ ਦੇ ਬਚਾਓ ਲਈ ਅਸੀਂ ਕਿਥੋਂ ਤੇ ਕਿਵੇਂ ਸਹਾਇਤਾ ਲੈ ਸਕਦੇ ਹਾਂ ਅਤੇ ਇਸ ਉਤੇ ਵਿਚਾਰ ਕਰਦਿਆਂ ਨਵਾ ਪ੍ਰੋਗਰਾਮ ਫ ਅ ਧਧ ( ਪੰਜਾਬੀ ਅਗੇਂਸਟ ਡਰੰਕ ਡਰਾਈਵ ) ਉਲੀਕਣ ਦਾ ਵਾਇਦਾ ਕੀਤਾ ਹੈ ਤਾਂ ਜੋ ਅਸੀਂ ਪੰਜਾਬੀ ਭਾਈਚਾਰੇ ਨੂੰ ਵੀ ਸੁਚੇਤ ਕਰ ਸਕੀਏ। ਲੋਕਾਂ ਵੱਲੋਂ ਮਿਲੇ ਭਰਵੇਂ ਹੁੰਘਾਰੇ ਕਾਰਨ ਅਸੀਂ ਮਾਰਚ ਵਿੱਚ ਮੈਟਲ ਹੈਲਥ ਪ੍ਰੋਗਰਾਮ ਕਰਵਾਉਣ ਜਾ ਰਹੇਂ ਹਾਂ ਜਿਸਦਾ ਮੁੱਖ ਉਦੇਸ਼ ਨੌਜਵਾਨਾਂ ਵਿੱਚ ਸੋਸਾਈਡ ਭਾਵ ਆਤਮ ਹੱਤਿਆ ਦਾ ਵਧ ਰਿਹਾ ਰੁਝਾਨ ਇਹ ਸਾਡੇ ਲਈ ਚਿੰਤਾ ਦਾ ਵਿਸ਼ਾ ਹੈ ਦੂਜੀ ਵਿਸ਼ੇਸ਼ ਗੱਲ ਹੈ ਕਿ ਵੈਸੇ ਤਾਂ ਆਪਾਂ ਸਾਰੇ ਇਸ ਗੱਲ ਤੋਂ ਭਲੀ ਭਾਂਤ ਜਾਣੂ ਹਾਂ ਕਿ ਫਿਊਨਲ ਦਾ ਖਰਚਾ ਲਗਭਗ 9000 ਡਾਲਰ ਹੈ , ਜੋ ਕੁਝ ਪ੍ਰੀਵਾਰਾਂ ਦੇ ਹਾਲਾਤਾਂ ਅਨੁਸਾਰ ਇਹ ਖਰਚਾ ਉਨ੍ਹਾ ਲਈ ਸੰਭਵ ਨਹੀ ਹੈ ,ਕਈ ਲੋੜਵੰਦ ਪ੍ਰੀਵਾਰ ਸਥਾਨਕ ਗੁਰਦੁਆਰਾ ਸਾਹਿਬ ਦੀ ਕਮੇਟੀ ਤੱਕ ਪਹੁੰਚ ਕਰਦੇ ਹਨ ਤਾਂ ਕਈ ਵਾਰ ਪ੍ਰਬੰਧਕ ਨਾ ਚਾਹੁੰਦੇ ਹੋਏ ਵੀ ਜਵਾਬ ਦੇਣ ਲਈ ਮਜ਼ਬੂਰ ਹੁੰਦੇ ਹਨ ਕਿਉਂਕੇ ਉਸ ਦੇ ਕਈ ਕਾਰਨ ਹੋ ਸਕਦੇ ਹਨ। ਪਰ ਪੰਜਾਬੀ ਕਲਚਰਲ ਸੋਸਾਇਟੀ ਸਿਆਟਲ (ਰਜਿ:) ਦੇ ਸਮੂਹ ਮੈਂਬਰਾਂ , ਹਰਦਿਆਲ ਸਿੰਘ ਚੀਮਾ,ਲਾਲੀ ਸੰਧੂ ਜੀ ,ਜਨਾਬ ਸ਼ਾਹ ਨਿਵਾਜ਼ ਜੀ,ਮਨਪ੍ਰੀਤ ਸਿੰਘ ਗਿੱਲ,ਹਰਦੀਪ ਸਿੰਘ ਗਿੱਲ,ਅਨਮੋਲ ਸਿੰਘ ਚੀਮਾ, ਸੁਖਰਾਜ ਕੌਰ ਚੀਮਾ,ਪਰਮਜੀਤ ਸਿੰਘ ਸ਼ੇਰਗਿੱਲ,ਰਮਨ ਬਰਾੜ ਸਾਭ,ਅਮਰਵੀਰ ਸਿੰਘ ਸੰਧੂ,ਸ਼ਿਵਾਨੀ ਕੌਰ ਸੰਧੂ,ਪਰਮਿੰਦਰ ਸਿੰਘ ਢਿਲੋਂ , ਬਲਵੰਤ ਸਿੰਘ ਰਾਣਾਂ ਵੱਲੋਂ ਇਹ ਸੇਵਾ ਨਿਭਾਂਉਂਦਿਆਂ "ਪੰਜਾਬੀ ( ਭਾਈਚਾਰਾ) ਸਸਕਾਰ ਸੋਸਾਇਟੀ ਸਥਾਪਤ ਕਰਨ ਦਾ ਫੈਸਲਾ ਲਿਆ ਹੈ , ਇਹ ਸੋਸਾਇਟੀ ਲੋੜਵੰਦ ਪ੍ਰੀਵਾਰ ਦੀ ਸਹਾਇਤਾ ਵਜੋਂ ਫਿਊਨਲ ਦਾ ਖਰਚਾ( ਵਿਤ ਅਨੁਸਾਰ) ਅਤੇ ਵਿਅਕਤੀ ਦੀ ਮੌਤ ਤੋਂ ਪਹਿਲੋਂ ਅਤੇ ਪਿਛੋਂ ਵੀ ਪ੍ਰੀਵਾਰ ਨੂੰ ਸਹਿਯੋਗ ਦੇਣ ਦੀ ਜ਼ੁੰਮੇਵਾਰੀ ਲਵੇਗੀ। ਲੋੜਵੰਦ ਜਾਂ ਸਹਿਯੋਗੀ ਸੱਜਣ ਇਸ ਨੰਬਰ ਤੇ ਕਾਲ ਕਰ ਸਕਦੇ ਹਨ ।

ਹਰਦਿਆਲ ਸਿੰਘ ਚੀਮਾਂ ( 206-734-0794 ) ਲਾਲੀ ਸੰਧੂ ( 206-250-9163 ) ਪੰਜਾਬੀ ਕਲਚਰਲ ਸੋਸਾਇਟੀ ਸਿਆਟਲ ਦੀ ਈ-ਮੇਲ Punjaibcultural@yahoo.com


Trusted Name in Real Estate

ਕਿਸੇ ਵੀ ਤਰ੍ਹਾਂ ਦੀ ਰੈਜੀਡੈਂਸ਼ੀਅਲ ਜਾਂ ਕਮਰਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਸਾਡੇ ਨਾਲ ਸੰਪਰਕ ਕਰੋ



GURBINDER DHALIWAL
REAL ESTATE BROKER
Cell:425-314-2111
Email:garyd@windermere.com
garydhaliwal.withwre.com
Windermere
REAL ESTATE
801 State Ave,
Marrysville, Wa 98270

HOUSE FOR SALE
12728 SE 287TH Place, Auburn, WA 98092





Nestled in a serene Cul-de-sac, this exquisite residence offers the perfect blend of comfort and sophistication. The heart of the home lies in its gourmet kitchen, where culinary dreams come to life amidst top-of-the-line appliances, sleek countertops, and ample storage. Step outside onto the covered deck, a true oasis that extends your living space. The ambiance is elevated by a cozy fireplace, providing warm and inviting atmosphere for year-round outdoor enjoyment. Venture downstairs to discover a meticulously finished basement, featuring a private one-bedroom suite and a stylishly appointed bathroom. This versatile space offers endless possibilities, whether used as a guest retreat, home office, or an entertainment hub.



MANDEEP SANGHA
REAL ESTATE BROKER
Cell:425-210-8985
Email:m.sangha@windermere.com
m.sangha.withwre.com

ਅਸੀਂ ਮੁਫਤ ਨੋਟਰੀ ਸੇਵਾਵਾਂ ਦਿੰਦੇ ਹਾਂ

# ਕੈਨੇਡਾ ਤੇ ਗ੍ਰੀਨਲੈਂਡ ‘ਤੇ ਕਬਜ਼ਾ! ਟਰੰਪ ਨੇ ਸ਼ੇਅਰ ਕੀਤਾ ਨਵਾਂ ਨਕਸ਼ਾ




ਵਾਸ਼ਿੰਗਟਨ:ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵੈਨੇਜ਼ੁਏਲਾ ‘ਤੇ ਏਅਰਸਟ੍ਰਾਈਕ ਕਰਨ ਮਗਰੋਂ ਗ੍ਰੀਨਲੈਂਡ ‘ਤੇ ਕਬਜ਼ਾ ਕਰਨ ਦੀਆਂ ਵੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਇਸੇ ਦੌਰਾਨ ਟਰੰਪ ਨੇ ਮੰਗਲਵਾਰ ਨੂੰ ਆਪਣੇ ‘ਟਰੂਥ ਸੋਸ਼ਲ’ ਪਲੇਟਫਾਰਮ ‘ਤੇ ਇੱਕ ਪੋਸਟ ਸਾਂਝੀ ਕੀਤੀ, ਜਿਸ ਵਿੱਚ ਉਨ੍ਹਾਂ ਨੇ ਇਕ ਅਜਿਹੇ ਨਕਸ਼ੇ ਦੀ ਪੋਸਟ ਸਾਂਝੀ ਕੀਤੀ ਹੈ, ਜਿਸ ‘ਚ ਕੈਨੇਡਾ, ਗ੍ਰੀਨਲੈਂਡ ਅਤੇ ਵੈਨੇਜ਼ੁਏਲਾ ਨੂੰ ਸੰਯੁਕਤ ਰਾਜ ਅਮਰੀਕਾ ਦਾ ਹਿੱਸਾ ਦਿਖਾਇਆ ਗਿਆ ਹੈ।

ਇਸ ਏ.ਆਈ. ਤਸਵੀਰ ਵਿੱਚ ਟਰੰਪ ਓਵਲ ਆਫਿਸ ਵਿੱਚ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਅਤੇ ਯੂ.ਕੇ. ਦੇ ਪ੍ਰਧਾਨ ਮੰਤਰੀ ਕੀਰ ਸਟਾਰਮਰ ਸਮੇਤ ਕਈ ਨਾਟੋ ਦੇਸ਼ਾਂ ਦੇ ਨੇਤਾਵਾਂ ਨਾਲ ਬੈਠੇ ਦਿਖਾਈ ਦੇ ਰਹੇ ਹਨ। ਰਿਪੋਰਟਾਂ ਅਨੁਸਾਰ ਟਰੰਪ ਨੇ ਇੱਕ ਹੋਰ ਏ.ਆਈ. ਤਸਵੀਰ ਸਾਂਝੀ ਕੀਤੀ ਹੈ, ਜਿਸ ਵਿੱਚ ਉਹ ਉਪ-ਰਾਸ਼ਟਰਪਤੀ ਜੇ.ਡੀ. ਵੈਂਸ ਅਤੇ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨਾਲ ਗ੍ਰੀਨਲੈਂਡ ਵਿੱਚ ਅਮਰੀਕੀ ਝੰਡਾ ਲਹਿਰਾ ਰਹੇ ਹਨ।ਇਸ ਤਸਵੀਰ ਨਾਲ ਲਿਖਿਆ ਹੈ- “ਗ੍ਰੀਨਲੈਂਡ ਅਮਰੀਕੀ ਖੇਤਰ ‘ਚ ਸ਼ਾਮਲ।‘ ’ਟਰੰਪ ਨੇ ਨਾਟੋ ਦੇ ਸਕੱਤਰ-ਜਨਰਲ ਮਾਰਕ ਰੁਟੇ ਨਾਲ ਗੱਲਬਾਤ ਕਰਦਿਆਂ ਗ੍ਰੀਨਲੈਂਡ ਨੂੰ ਅਮਰੀਕੀ ਅਤੇ ਵਿਸ਼ਵ ਸੁਰੱਖਿਆ ਲਈ ਅਟੁੱਟ ਅੰਗ ਦੱਸਿਆ ਹੈ। ਇਸ ਦੌਰਾਨ ਅਮਰੀਕਾ ਗ੍ਰੀਨਲੈਂਡ ਦੇ ਪਿਟੁਫਿਕ ਸਪੇਸ ਬੇਸ ‘ਤੇ ਨੋਰਡ ਜਹਾਜ਼ ਤਾਇਨਾਤ ਕਰਨ ਦੀ ਤਿਆਰੀ ਕਰ ਰਿਹਾ ਹੈ। ਟਰੰਪ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਡੈਨਮਾਰਕ ਗ੍ਰੀਨਲੈਂਡ ਨੂੰ ਵੇਚਣ ਲਈ ਸਹਿਮਤ ਨਹੀਂ ਹੁੰਦਾ ਤਾਂ 1 ਫਰਵਰੀ 2026 ਤੋਂ 10 ਫੀਸਦੀ ਅਤੇ 1 ਜੂਨ 2026 ਤੋਂ 25 ਫੀਸਦੀ ਟੈਰਿਫ ਲਗਾਏ ਜਾਣਗੇ। ਉਨ੍ਹਾਂ ਨੇ ਰਾਸ਼ਟਰੀ ਸੁਰੱਖਿਆ ਦਾ ਹਵਾਲਾ ਦਿੰਦੇ ਹੋਏ ਇਸ ਕਦਮ ਨੂੰ ਚੀਨ ਅਤੇ ਰੂਸ ਦੇ ਵਧਦੇ ਹਿੱਤਾਂ ਕਾਰਨ ਜ਼ਰੂਰੀ ਦੱਸਿਆ ਹੈ।

ਟਰੰਪ ਨੇ ਪਹਿਲਾਂ ਸੁਝਾਅ ਦਿੱਤਾ ਸੀ ਕਿ ਕੈਨੇਡਾ ਨੂੰ ਅਮਰੀਕਾ ਦਾ 51ਵਾਂ ਸੂਬਾ ਬਣਨਾ ਚਾਹੀਦਾ ਹੈ ਅਤੇ ਸਾਬਕਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੂੰ ਕੈਨੇਡਾ ਦਾ ਗਵਰਨਰ ਕਹਿ ਕੇ ਮਜ਼ਾਕ ਉਡਾਇਆ ਸੀ। ਹਾਲਾਂਕਿ, ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਇਸ ਸੁਝਾਅ ਨੂੰ ਸਿਰੇ ਤੋਂ ਖਾਰਜ ਕਰਦਿਆਂ ਕਿਹਾ ਕਿ ਕੈਨੇਡਾ ਕਦੇ ਵੀ ਅਮਰੀਕਾ ਦਾ ਹਿੱਸਾ ਨਹੀਂ ਬਣੇਗਾ ਕਿਉਂਕਿ ਕੈਨੇਡੀਅਨ ਆਜ਼ਾਦੀ ਚਾਹੁੰਦੇ ਹਨ।

ਦੂਜੇ ਪਾਸੇ, ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੁਰੋ ਦੀ ਗ੍ਰਿਫ਼ਤਾਰੀ ਤੋਂ ਬਾਅਦ, ਟਰੰਪ ਨੇ ਕਿਹਾ ਹੈ ਕਿ ਅਮਰੀਕਾ ਉੱਥੇ ਉਦੋਂ ਤੱਕ ਰਹੇਗਾ ਜਦੋਂ ਤੱਕ ਸੁਰੱਖਿਅਤ ਅਤੇ ਉਚਿਤ ਤਬਦੀਲੀ ਨਹੀਂ ਹੋ ਜਾਂਦੀ। ਵ੍ਹਾਈਟ ਹਾਊਸ ਦੀ ਪ੍ਰੈੱਸ ਸਕੱਤਰ ਅਨੁਸਾਰ, ਵੈਨੇਜ਼ੁਏਲਾ ਦੇ ਅੰਤਰਿਮ ਅਧਿਕਾਰੀਆਂ ਦੇ ਫੈਸਲੇ ਪੂਰੀ ਤਰ੍ਹਾਂ ਅਮਰੀਕਾ ਦੁਆਰਾ ਨਿਰਧਾਰਿਤ ਕੀਤੇ ਜਾਣਗੇ।




# ਯੂਰਪੀਅਨ ਯੂਨੀਅਨ ਦੀ ਅਮਰੀਕਾ ਨਾਲ ਟਰੇਡ”ਡੀਲ ਪਈ ਠੰਢੇ ਬਸਤੇ ਵਿੱਚ

ਸਟਰੈਸਬਰਗ, ਫਰਾਂਸ:ਬੁੱਧਵਾਰ ਨੂੰ ਯੂਰਪੀਅਨ ਪਾਰਲੀਆਮੈਂਟ ਦੇ ਅਹਿਮ ਮੈਂਬਰਾਂ ਨੇ ਅਮਰੀਕਾ-ਯੂਰਪੀਅਨ ਟਰੇਡ ਡੀਲ ਦੀ ਪੁਸ਼ਟੀ ਕਰਨ ਤੋਂ ਇਨਕਾਰ ਕਰ ਦਿੱਤਾ।ਇਨ੍ਹਾਂ ਯੂਰਪੀਅਨ ਯੂਨੀਅਨ ਦੇ ਮੈਂਬਰਾਂ ਵੱਲੋਂ ਅਜਿਹਾ ਇਸ ਲਈ ਕੀਤਾ ਗਿਆ ਹੈ ਕਿਉਂਕਿ ਅਮਰੀਕਾ ਦੇ ਰਾਸ਼ਟਰਪਤੀ ਵੱਲੋਂ ਗ੍ਰੀਨਲੈਂਡ ਉੱਤੇ ਕਬਜਾ ਕਰਨ ਦੀ ਕਈ ਵਾਰੀ ਧਮਕੀ ਦਿੱਤੀ ਜਾ ਚੁੱਕੀ ਹੈ ਤੇ ਅਜਿਹਾ ਨਾ ਕੀਤੇ ਜਾਣ ਦੀ ਸੂਰਤ ਵਿੱਚ ਟਰੰਪ ਵੱਲੋਂ ਇਨ੍ਹਾਂ ਦੇਸ਼ਾਂ ਉੱਤੇ 35 ਫੀ ਸਦੀ ਟੈਰਿਫ ਲਾਉਣ ਦੀ ਵੀ ਗੱਲ ਆਖੀ ਜਾ ਰਹੀ ਹੈ।

ਐਕਸ ਉੱਤੇ ਪਾਈ ਪੋਸਟ ਵਿੱਚ ਪਾਰਲੀਆਮੈਂਟ ਦੀ ਟਰੇਡ ਕਮੇਟੀ ਦੇ ਚੇਅਰ ਬਰਨਡ ਲਾਂਗੇ ਨੇ ਆਖਿਆ ਕਿ ਯੂਰਪੀਅਨ ਯੂਨੀਅਨ-ਅਮਰੀਕਾ ਡੀਲ ਹੁਣ ਅਣਮਿੱਥੇ ਸਮੇਂ ਲਈ ਠੰਢੇ ਬਸਤੇ ਵਿੱਚ ਪੈ ਗਈ ਹੈ।

BADH & REJMINIAK LLP

ਅਸੀਂ ਪੰਜਾਬੀ/ਹਿੰਦੀ ਅਤੇ ਅੰਗਰੇਜ਼ੀ ਵਿਚ ਸੇਵਾਵਾਂ ਪ੍ਰਦਾਨ ਕਰਦੇ ਹਾਂ

Areas of Practice

We provide Legal Services in the following areas:

- Civil Litigation
- Immigration
- Family Law
- Business Law
- Real Estate Transactions
- Notarization & Certification

ਅਸੀਂ ਹੇਠ ਲਿਖੇ ਖੇਤਰਾਂ ਵਿਚ ਕਾਨੂੰਨੀ ਸੇਵਾਵਾਂ ਪ੍ਰਦਾਨ ਕਰਦੇ ਹਾਂ

- ਸਿਵਲ ਮੁਕੱਦਮਾ
- ਇੰਮੀਗ੍ਰੇਸ਼ਨ
- ਫੈਮਿਲੀ ਲਾਅ
- ਬਿਜਨਸ ਲਾਅ
- ਰੀਅਲ ਐਸਟੇਟ ਲੈਣ ਦੇਣ
- ਨੋਟਰੀ ਸੇਵਾਵਾਂ/ਫਾਰਮ ਤਸਦੀਕ ਕਰਨਾ






Ph: 604-503-3132

Fax:604-503-3133

Web:www.bnrlaw.ca

Gurpreet Badh, BSc, LLB

Barrister & Solicitor

#2006-7495, 132 St, Surrey, BC V3W 1J8

# ਆਈਸ ਅਧਿਕਾਰੀਆਂ ਨੂੰ ਗ੍ਰਿਫ਼ਤਾਰੀਆਂ ਕਰਨ ਲਈ ਇਨਾਮ ਦਿੱਤੇ ਜਾਣਗੇ

ਵਾਸ਼ਿੰਗਟਨ ਡੀ.ਸੀ., - ਅਮਰੀਕਾ ਪ੍ਰਸ਼ਾਸਨ ਨੇ ਹੁਣ ਗੈਰ ਕਾਨੂੰਨੀ ਲੋਕਾਂ ਨੂੰ ਫੜਨ ਲਈ ਆਈਸ ਅਧਿਕਾਰੀਆਂ ਨੂੰ ਵਿਸ਼ੇਸ਼ ਅਧਿਕਾਰ ਦਿੱਤੇ ਹਨ। ਉਨ੍ਹਾਂ ਨੂੰ ਗੈਰ ਕਾਨੂੰਨੀ ਲੋਕਾਂ ਦੀਆਂ ਗ੍ਰਿਫਤਾਰੀਆਂ ਕਰਨ ਲਈ ਇਨਾਮ ਦਿੱਤੇ ਜਾਣਗੇ।

ਇਸ ਵਕਤ ਆਈਸ ਏਜੰਟਾਂ ‘ਤੇ ਗ੍ਰਿਫਤਾਰੀਆਂ ਕਰਨ ਲਈ ਭਾਰੀ ਦਬਾਅ ਹੈ। ਕਿਉਂਕਿ ਏਜੰਸੀ ਨੇ ਦੇਸ਼ ਭਰ ਵਿਚ 3 ਹਜ਼ਾਰ ਗ੍ਰਿਫਤਾਰੀਆਂ ਦਾ ਰੋਜ਼ਾਨਾ ਕੋਟਾ ਨਿਰਧਾਰਿਤ ਕੀਤਾ ਹੈ।


ਆਈਸ ਏਜੰਟਾਂ ਵੱਲੋਂ ਗ੍ਰਿਫਤਾਰ ਕੀਤੇ ਲੋਕਾਂ ਨੂੰ ਜੇ ਬਾਅਦ ਵਿਚ ਛੱਡ ਵੀ ਦਿੱਤਾ ਜਾਂਦਾ ਹੈ, ਤਾਂ ਉਹ ਫਿਰ ਵੀ ਇਨਾਮ ਦੇ ਹੱਕਦਾਰ ਰਹਿਣਗੇ।

ਯੂ.ਐੱਸ. ਡਿਪਾਰਟਮੈਂਟ ਆਫ਼ ਹੋਮਲੈਂਡ ਸਿਕਿਓਰਿਟੀ ਸੈਕਟਰੀ ਕ੍ਰਿਸਟੀ ਨੋਇਮ ਨੇ ਪਿਛਲੇ ਦਿਨੀਂ ਇਕ ਬਿਆਨ ਵਿਚ ਕਿਹਾ ਸੀ ਕਿ ਹੁਣ ਤੱਕ ਭਾਰੀ ਗਿਣਤੀ ਵਿਚ ਗੈਰ ਕਾਨੂੰਨੀ ਲੋਕਾਂ ਨੂੰ ਆਪਣੇ ਦੇਸ਼ਾਂ ਨੂੰ ਵਾਪਸ ਭੇਜਿਆ ਜਾ ਚੁੱਕਾ ਹੈ। ਪਰ ਰਾਸ਼ਟਰਪਤੀ ਟਰੰਪ ਵੱਲੋਂ ਹਾਲੇ ਵੀ ਸੰਤੁਸ਼ਟੀ ਨਹੀਂ ਪ੍ਰਗਟਾਈ ਜਾ ਰਹੀ। ਉਨ੍ਹਾਂ ਦਾ ਕਹਿਣਾ ਹੈ ਕਿ ਵੱਧ ਤੋਂ ਵੱਧ ਗੈਰ ਕਾਨੂੰਨੀ ਲੋਕਾਂ ਨੂੰ ਇੱਥੋਂ ਕੱਢਿਆ ਜਾਵੇ। ਇਸ ਦੇ ਲਈ ਸਾਲ 2026 ਦਾ ਬਜਟ ਕੋਟਾ ਵੀ ਵਧਾ ਦਿੱਤਾ ਗਿਆ ਹੈ। ਇਹ ਰਾਸ਼ੀ ਹੁਣ ਇਸੇ ਕੰਮ ‘ਤੇ ਖਰਚੀ ਜਾਵੇਗੀ।

## ਡਬਲਿਊਐਚਓ ਤੋਂ ਅਮਰੀਕਾ ਹੋਇਆ ਬਾਹਰ

ਵਾਸ਼ਿੰਗਟਨ: ਅਮਰੀਕਾ ਨੇ ਅਧਿਕਾਰਕ ਤੌਰ ਉੱਤੇ ਵਿਸ਼ਵ ਸਿਹਤ ਸੰਗਠਨ (ਡਬਲਿਊਐਚਓ) ਤੋਂ ਬਾਹਰ ਹੋ ਗਿਆ ਹੈ। ਦੁਨੀਆ ਭਰ ਦੇ ਸਿਹਤ ਵਿਗਿਆਨੀਆਂ ਨੇ ਇਹ ਚੇਤਾਵਨੀ ਦਿੱਤੀ ਹੈ ਕਿ ਇਸ ਨਾਲ ਅਮਰੀਕਾ,ਵਿਸਵ ਸਿਹਤ ਸੰਗਠਨ ਤੇ ਦੁਨੀਆ ਲਈ ਖਤਰਾ ਪੈਦਾ ਹੋ ਗਿਆ ਹੈ। ਇਹ ਅਮਰੀਕੀ ਕਾਨੂੰਨ ਦੀ ਉਲੰਘਣਾਂ ਵੀ ਹੈ। ਇਹ ਫੈਸਲਾ ਕਰਨ ਤੋਂ ਬਾਅਦ ਹੁਣ ਅਮਰੀਕਾ ਨੂੰ ਸੰਯੁਕਤ ਰਾਸ਼ਟਰ ਦੀ ਸਿਹਤ ਏਜੰਸੀ ਨੂੰ 26 ਕਰੋੜ ਡਾਲਰ ਅਦਾ ਕਰਨੇ ਹੋਣਗੇ।

## ਮੁਸ਼ਕਲਾਂ ਵਿੱਚ ਫਸੀ ਦੁਨੀਆ ਲਈ ਅਸੀਂ ਬਣਾਂਗੇ ਚਾਨਣ ਮੁਨਾਰੇ:ਕਾਰਨੀ



ਓਟਵਾ: ਵਰਲਡ ਇਕਨੌਮਿਕ ਫੋਰਮ ਵਿੱਚ ਹਿੱਸਾ ਲੈਣ ਤੋਂ ਬਾਅਦ ਵਤਨ ਪਰਤੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਆਖਿਆ ਕਿ ਕੈਨੇਡਾ ਪੂਰੀ ਦੁਨੀਆਂ ਦੀਆਂ ਸਮੱਸਿਆਵਾਂ ਹੱਲ ਨਹੀਂ ਕਰ ਸਕਦਾ ਪਰ ਮੁਸ਼ਕਲਾਂ ਵਿੱਚ ਫਸੀ ਦੁਨੀਆਂ ਲਈ ਅਸੀਂ ਚਾਨਣ ਮੁਨਾਰੇ ਦਾ ਕੰਮ ਤਾਂ ਕਰ ਸਕਦੇ ਹਾਂ। ਵੀਰਵਾਰ ਦੁਪਹਿਰ ਨੂੰ ਦੇਸ਼ ਨੂੰ ਸੰਬੋਧਨ ਕਰਦਿਆਂ ਕਾਰਨੀ ਨੇ ਆਖਿਆ ਕਿ ਅਸੀਂ ਦਿਖਾ ਸਕਦੇ ਹਾਂ ਕਿ ਦੂਜਾ ਰਾਹ ਵੀ ਸੰਭਵ ਹੈ। ਅਸੀਂ ਕਿਸੇ ਦੀ ਧੱਕੇਸ਼ਾਹੀ ਤੇ ਕਬਜਾ ਕੀਤੇ ਜਾਣ ਦੀਆਂ ਧਮਕੀਆਂ ਅੱਗੇ ਨਹੀਂ ਝੁਕਾਂਗੇ ਸਗੋਂ ਅਸੀਂ ਤਰੱਕੀ ਤੇ ਨਿਆਂ ਦਾ ਰਾਹ ਚੁਣ ਸਕਦੇ ਹਾਂ। ਉਨ੍ਹਾਂ ਆਖਿਆ ਕਿ ਕੈਨੇਡਾ ਨੇ ਪੂਰੀ ਦੁਨੀਆਂ ਨੂੰ ਦਿਖਾਇਆ ਹੈ ਕਿ ਵੰਨ-ਸੁਵੰਨਤਾ ਕਮਜ਼ੋਰੀ ਨਹੀਂ ਤਾਕਤ ਹੈ। ਇੱਕ ਪਾਸੇ ਜਿੱਥੇ ਜਮਹੂਰੀਅਤ ਦਾ ਘਾਣ ਹੋ ਰਿਹਾ ਹੈ ਉੱਥੇ ਹੀ ਅਸੀਂ ਇਹ ਦਰਸ਼ਾ ਦਿੱਤਾ ਹੈ ਕਿ ਕਿਸ ਤਰ੍ਹਾਂ ਅਧਿਕਾਰਾਂ ਦੀ ਰਾਖੀ ਕੀਤੀ ਜਾ ਸਕਦੀ ਹੈ ਤੇ ਸਾਰਿਆਂ ਦੀ ਬਰਾਬਰ ਆਜ਼ਾਦੀ ਦਾ ਖਿਆਲ ਰੱਖਿਆ ਜਾਂਦਾ ਹੈ। ਸੋਮਵਾਰ ਨੂੰ ਪਾਰਲੀਆਮੈਂਟ ਦੀ ਕਾਰਵਾਈ ਮੁੜ ਸ਼ੁਰੂ ਹੋਣ ਤੋਂ ਪਹਿਲਾਂ ਕਿਊਬੈਕ ਸਿਟੀ ਵਿੱਚ ਦੋ ਰੋਜ਼ਾ ਕੈਬਨਿਟ ਪਲੈਨਿੰਗ ਫੋਰਮ ਦੀ ਕਾਰਨੀ ਵੱਲੋਂ ਇਸ ਭਾਸ਼ਣ ਨਾਲ ਸ਼ੁਰੂਆਤ ਕੀਤੀ ਗਈ।ਕਾਰਨੀ ਨੇ ਇਹ ਵੀ ਆਖਿਆ ਕਿ ਉਨ੍ਹਾਂ ਦੀ ਅਗਵਾਈ ਵਿੱਚ ਕੈਨੇਡਾ ਹੋਰ ਕੌਮਾਂਤਰੀ ਭਾਈਵਾਲੀ ਕਾਇਮ ਕਰੇਗਾ।

## ਗ੍ਰੀਨਲੈਂਡ ਬਾਰੇ ਭਵਿੱਖ ਵਿੱਚ ਹੋਣ ਵਾਲੀ ਡੀਲ ਦਾ ਖਰੜਾ ਤਿਆਰ:ਟਰੰਪ

ਦਾਵੋਸ: ਅਮਰੀਕਾ ਦੇ ਰਾਸ਼ਟਰਪਤੀ ਡੌਨਲਡ ਟਰੰਪ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਨਾਟੋ ਦੇ ਸਕੱਤਰ ਜਨਰਲ ਮਾਰਕ ਰੱਟ ਨਾਲ ਰਲ ਕੇ ਗ੍ਰੀਨਲੈਂਡ ਬਾਰੇ ਭਵਿੱਖ ਵਿੱਚ ਹੋਣ ਵਾਲੀ ਡੀਲ ਦਾ ਖਰੜਾ ਉਲੀਕਿਆ ਹੈ। ਉਨ੍ਹਾਂ ਆਖਿਆ ਕਿ ਇਹ ਖਰੜਾ ਸਿਰਫ ਗ੍ਰੀਨਲੈਂਡ ਬਾਰੇ ਹੀ ਨਹੀਂ ਸਗੋਂ ਸਮੁੱਚੇ ਆਰਕਟਿਕ ਰੀਜਨ ਬਾਰੇ ਹੈ। ਜੇ ਇਹ ਡੀਲ ਲਾਗੂ ਹੁੰਦੀ ਹੈ ਤਾਂ ਇਹ ਨਾ ਸਿਰਫ ਅਮਰੀਕਾ ਲਈ ਲਾਹੇਵੰਦ ਹੋਵੇਗੀ ਸਗੋਂ ਸਾਰੇ ਨਾਟੋ ਦੇਸ਼ਾਂ ਲਈ ਫਾਇਦੇਮੰਦ ਹੋਵੇਗੀ।

ਟਰੰਪ ਨੇ ਆਖਿਆ ਕਿ ਇਸ ਡੀਲ ਦੇ ਅਧਾਰ ਉੱਤੇ ਉਹ ਪਹਿਲੀ ਫਰਵਰੀ ਤੋਂ ਯੂਰੀ ਦੇਸ਼ਾਂ ਉੱਤੇ ਲਾਗੂ ਹੋਣ ਜਾ ਰਹੇ ਟੈਰਿਫਸ ਵੀ ਨਹੀਂ ਲਾਉਣਗੇ। ਟਰੰਪ ਨੇ ਆਖਿਆ ਕਿ ਦ ਗੋਲਡਨ ਡੋਮ, ਜੋ ਕਿ ਗ੍ਰੀਨਲੈਂਡ ਨਾਲ ਸਬੰਧਤ ਹੈ, ਬਾਰੇ ਹੋਰ ਗੱਲਬਾਤ ਭਵਿੱਖ ਵਿੱਚ ਹੁੰਦੀ ਰਹੇਗੀ।

AKAL TRAVEL
ਅਮਰੀਕਾ ਦੇ ਕਿਸੇ ਵੀ ਸ਼ਹਿਰ ਤੋਂ ਵਧੀਆ ਫਲਾਈਟਾਂ, ਵਧੀਆ ਸੇਵਾਵਾਂ ਅਤੇ ਘੱਟ ਕਿਰਾਏ ਲਈ ਸੰਪਰਕ ਕਰੋ



We Represent All Major Airline
We Will Beat Or Match Any Price
Seattle to Delhi : $785
We Issue The Ticket From India Also
Delhi Bombay Special
Ask For Detail
WE ALSO DO : * NOTARY * VISA * PASSPORT * TRANSLATION
PHONE : 253-852-1984, 253-852-1985
24 HOUR EMERGENCY SERVICE 206-370-9480
TOLL FREE : 1-800-828-8543
EMAIL : FLY@AKALTRAVEL.COM
HOURS : MON TO SAT 9AM TO 7PM AND SUN 1PMTO 6PM

ਗੁਰੂ ਨਾਨਕ ਗੁਰਸਿੱਖ ਗੁਰਦੁਆਰਾ
ਲਿੰਡਨ (ਬੈਲਿੰਗਹੈਮ), WA (ਯੂ.ਐਸ.ਏ) (USA)
176 E Pole Road / 6934 Meridian St Lynden, WA. 98264 (Bellingham)



23 ਜਨਵਰੀ ਦਿਨ ਸ਼ੁੱਕਰਵਾਰ ਨੂੰ ਸੁਖਦੀਪ ਸਿੰਘ ਖੋਸਾ ਪਰਿਵਾਰ ਵੱਲੋਂ ਅਖੰਡਪਾਠ ਸਾਹਿਬ ਆਰੰਭ ਹੋਣਗੇ ਅਤੇ 25 ਜਨਵਰੀ ਦਿਨ ਐਤਵਾਰ ਨੂੰ ਭੋਗ ਪਾਏ ਜਾਣਗੇ ਅਤੇ ਤਿੰਨੇ ਦਿਨ ਲੰਗਰਾਂ ਦੀ ਸੇਵਾ ਹੋਵੇਗੀ।
25 ਜਨਵਰੀ ਦਿਨ ਐਤਵਾਰ ਹਫਤਾਵਾਰੀ ਦੀਵਾਨ ਸਜਣਗੇ
ਮੁੱਖ ਸੇਵਾਦਾਰ:ਪਰਮਜੀਤ ਸਿੰਘ ਕੁਲਾਰ: 360-733-6444, ਮੁੱਖ ਵਜ਼ੀਰ ਗਿਆਨੀ ਹਰੀ ਸਿੰਘ ਜੀ 360-398-1184
ਵੱਲੋਂ:ਗੁ. ਪ੍ਰਬੰਧਕ ਕਮੇਟੀ ਤੇ ਸਮੂੰਹ ਇਲਾਕਾ ਨਿਵਾਸੀ

# ਜੰਮੂ ਵਿਚ ਡੂੰਘੀ ਖੱਡ 'ਚ ਡਿੱਗਿਆ ਫੌਜ ਦਾ ਵਾਹਨ, 10 ਜਵਾਨ ਮਾਰੇ ਗਏ

ਜੰਮੂ-ਕਸ਼ਮੀਰ: ਜੰਮੂ-ਕਸ਼ਮੀਰ ਦੇ ਡੋਡਾ ਜ਼ਿਲ੍ਹੇ 'ਚ ਵੀਰਵਾਰ ਨੂੰ ਇੱਕ ਫੌਜ ਦਾ ਵਾਹਨ 400 ਫੁੱਟ ਡੂੰਘੀ ਖੱਡ 'ਚ ਡਿੱਗ ਗਿਆ। ਇਸ ਹਾਦਸੇ 'ਚ 10 ਭਾਰਤੀ ਫੌਜ ਦੇ ਜਵਾਨਾ ਦੀ ਜਾਨ ਚਲੀ ਗਈ, ਜਦੋਂ ਕਿ 11 ਨੂੰ ਊਧਮਪੁਰ ਮਿਲਟਰੀ ਹਸਪਤਾਲ ਲਿਜਾਇਆ। ਇਹ ਹਾਦਸਾ ਭਦਰਵਾਹ-ਚੰਬਾ ਅੰਤਰਰਾਜੀ ਸੜਕ 'ਤੇ ਖੰਨੀ ਟੌਪ ਨੇੜੇ ਵਾਪਰਿਆ।ਡੋਡਾ ਦੇ ਡਿਪਟੀ ਕਮਿਸ਼ਨਰ ਹਰਵਿੰਦਰ ਸਿੰਘ ਨੇ ਕਿਹਾ ਕਿ ਸੜਕ 'ਤੇ ਬਰਫ਼ ਪੈਣ ਕਾਰਨ ਡਰਾਈਵਰ ਨੇ ਵਾਹਨ ਤੋਂ ਕੰਟਰੋਲ ਗੁਆ ਦਿੱਤਾ। ਇੱਕ ਫੌਜ ਅਧਿਕਾਰੀ ਨੇ ਦੱਸਿਆ ਕਿ ਵਾਹਨ ਡੋਡਾ ਤੋਂ 21 ਫੌਜੀਆਂ ਨੂੰ ਇੱਕ ਉੱਚੀ ਚੌਕੀ 'ਤੇ ਲੈ ਜਾ ਰਿਹਾ ਸੀ। ਫੌਜ ਨੇ ਅਜੇ ਤੱਕ ਉਨ੍ਹਾਂ ਸੂਬਿਆਂ ਦਾ ਖੁਲਾਸਾ ਨਹੀਂ ਕੀਤਾ ਹੈ ਜਿੱਥੋਂ ਮ੍ਰਿਤਕ ਅਤੇ ਜ਼ਖਮੀ ਸੈਨਿਕ ਸਥਿਤ ਹਨ। ਭਦਰਵਾਹ-ਚੰਬਾ ਸੜਕ ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਨੂੰ ਜੋੜਦੀ ਹੈ। ਇਹ ਰਸਤਾ ਉੱਚੇ ਪਹਾੜਾਂ, ਡੂੰਘੀਆਂ ਖੱਡਾਂ ਅਤੇ ਸੰਘਣੇ ਜੰਗਲਾਂ 'ਚੋਂ ਲੰਘਦਾ ਹੈ। ਸੜਕ ਬਹੁਤ ਤੰਗ ਹੈ ਅਤੇ ਕਈ ਥਾਵਾਂ 'ਤੇ ਤਿੱਖੇ ਮੋੜ ਹਨ। ਖੰਨੀ ਟੌਪ ਖੇਤਰ ਜਿੱਥੇ ਹਾਦਸਾ ਹੋਇਆ, ਸਮੁੰਦਰ ਤਲ ਤੋਂ 9,000 ਫੁੱਟ ਉੱਚਾ ਹੈ। ਇੱਥੇ ਮੌਸਮ ਤੇਜ਼ੀ ਨਾਲ ਬਦਲਦਾ ਹੈ ਅਤੇ ਇਹ ਠੰਡਾ ਅਤੇ ਧੁੰਦ ਵਾਲਾ ਹੈ। ਬਰਫ਼ਬਾਰੀ ਤੋਂ ਬਾਅਦ ਇਹ ਰਸਤਾ ਹੋਰ ਵੀ ਖ਼ਤਰਨਾਕ ਹੋ ਜਾਂਦਾ ਹੈ।

# 84 ਸਿੱਖ ਕਤਲੇਆਮ ਦੇ ਦੋਸ਼ੀ ਸੱਜਣ ਕੁਮਾਰ ਨੂੰ ਬਰੀ ਕਰਨਾ ਪੀੜਤਾਂ ਨਾਲ ਇਨਸਾਫ਼ੀ ਨਹੀਂ:ਧਾਮੀ

ਅੰਮ੍ਰਿਤਸਰ:-ਦਿੱਲੀ 1984 ਜਨਕਪੁਰੀ ਅਤੇ ਵਿਕਾਸਪੁਰੀ ਨਾਲ ਸਬੰਧਤ ਸਿੱਖ ਕਤਲੇਆਮ ਦੇ ਮਾਮਲਿਆਂ ਵਿਚ ਅਦਾਲਤ ਵੱਲੋਂ ਬਰੀ ਕਰਨ 'ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਰੋਸ ਜਤਾਇਆ ਹੈ।

ਉਨ੍ਹਾਂ ਮੁਤਾਬਕ ਸੱਜਣ ਕੁਮਾਰ ਨੂੰ ਬਰੀ ਕਰਨਾ 41 ਸਾਲਾਂ ਤੋਂ ਇਨਸਾਫ਼ ਦੀ ਉਡੀਕ 'ਚ ਬੈਠੇ ਪੀੜਤ ਪਰਿਵਾਰਾਂ ਨਾਲ ਘੋਰ ਬੇਇਨਸਾਫ਼ੀ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਅਦਾਲਤ ਦੇ ਇਸ ਫੈਸਲੇ ਨੇ ਉਨ੍ਹਾਂ ਪੀੜਤ ਪਰਿਵਾਰਾਂ ਨੂੰ ਡੂੰਘੀ ਮਾਨਸਿਕ ਸੱਟ ਮਾਰੀ ਹੈ, ਜੋ ਲੰਮੇ ਸਮੇਂ ਤੋਂ ਇਨਸਾਫ਼ ਦੀ ਲੜਾਈ ਲੜ ਰਹੇ ਹਨ।ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਨਵੰਬਰ 1984 ਦਾ ਸਿੱਖ ਕਲਤੇਆਮ ਇਤਿਹਾਸ ਅੰਦਰ ਕਰੂਰਕਾਰੇ ਵਜੋਂ ਦਰਜ ਹੈ, ਜਦੋਂ ਸਰਕਾਰੀ ਸ਼ਹਿ 'ਤੇ ਸਿੱਖਾਂ ਨੂੰ ਬੇਰਹਿਮੀ ਨਾਲ ਨਿਸ਼ਾਨਾ ਬਣਾਇਆ ਗਿਆ।

ਉਨ੍ਹਾਂ ਕਿਹਾ ਕਿ ਸਿੱਖ ਸੰਸਥਾਵਾਂ ਅਤੇ ਪੀੜਤ ਪਰਿਵਾਰ ਕਰੀਬ 41 ਸਾਲਾਂ ਤੋਂ ਇਨਸਾਫ਼ ਦੀ ਲੜਾਈ ਲੜ ਰਹੇ ਹਨ।

ਇੰਨੀ ਲੰਬੀ ਲੜਾਈ ਲੜਨ ਤੋਂ ਬਾਅਦ ਅਦਾਲਤ ਦਾ ਇਹ ਫੈਸਲਾ ਪੀੜਤਾਂ ਦੇ ਨਾਲ-ਨਾਲ ਸਮੁੱਚੀ ਕੌਮ ਨੂੰ ਵੱਡੀ ਪੀੜਾ ਦੇਣ ਵਾਲਾ ਹੈ।

# ਭਾਰਤੀ ਰੁਪਏ 'ਚ ਭਾਰੀ ਗਿਰਾਵਟ



ਦਿੱਲੀ-ਬੁੱਧਵਾਰ ਨੂੰ ਸ਼ੁਰੂਆਤੀ ਕਾਰੋਬਾਰ ਵਿੱਚ ਰੁਪਿਆ 31 ਪੈਸੇ ਡਿੱਗ ਕੇ ਅਮਰੀਕੀ ਡਾਲਰ ਦੇ ਮੁਕਾਬਲੇ 91.28 ਦੇ ਸਭ ਤੋਂ ਹੇਠਲੇ ਪੱਧਰ 'ਤੇ ਆ ਗਿਆ।ਫਾਰੇਕਸ ਵਪਾਰੀਆਂ ਨੇ ਕਿਹਾ ਕਿ ਭੂ-ਰਾਜਨੀਤਿਕ ਅਨਿਸ਼ਚਿਤਤਾ ਨੇ ਜੋਖਮ ਤੋਂ ਬਚਣ ਦੀ ਭਾਵਨਾ ਨੂੰ ਵਧਾਇਆ ਅਤੇ ਉੱਭਰ ਰਹੇ ਬਾਜ਼ਾਰਾਂ ਦੀਆਂ ਮੁਦਰਾਵਾਂ ਨੂੰ ਦਬਾਅ ਵਿੱਚ ਰੱਖਿਆ। ਉਨ੍ਹਾਂ ਨੇ ਅੱਗੇ ਕਿਹਾ ਕਿ ਸੁਸਤ ਘਰੇਲੂ ਸਟਾਕ ਮਾਰਕੀਟ, ਵਿਦੇਸ਼ੀ ਪੂੰਜੀ ਦੇ ਬਾਹਰ ਜਾਣਾ ਵੀ ਇੱਕ ਕਾਰਕ ਸੀ। ਅੰਤਰਬੈਂਕ ਵਿਦੇਸ਼ੀ ਮੁਦਰਾ ਬਾਜ਼ਾਰ ਵਿੱਚ ਰੁਪਿਆ 91.05 ਪ੍ਰਤੀ ਡਾਲਰ 'ਤੇ ਖੁੱਲ੍ਹਿਆ ਅਤੇ ਫਿਰ 31 ਪੈਸੇ ਡਿੱਗ ਕੇ ਅਮਰੀਕੀ ਡਾਲਰ ਦੇ ਮੁਕਾਬਲੇ 91.28 'ਤੇ ਆ ਗਿਆ।

# ਡਰੱਗ ਤੇ ਦੇਹ ਵਪਾਰ ਦਾ ਧੰਦਾ ਕਰਨ ਦੇ ਮਾਮਲੇ ਵਿੱਚ ਭਾਰਤੀ ਪਤੀ-ਪਤਨੀ ਸਮੇਤ 5 ਵਿਰੁੱਧ ਦੋਸ਼ ਆਇਦ

ਸੈਕਰਾਮੈਂਟੋ, ਕੈਲੀਫੋਰਨੀਆ (ਹੁਸਨ ਲੜੋਆ ਬੰਗਾ)-ਡਮਫਰਾਈਸ ਵਿੱਚ ਪਟੇ 'ਤੇ ਲਏ ਮੋਟਲ ਵਿੱਚ ਡਰੱਗ ਤੇ ਦੇਹ ਵਪਾਰ ਦਾ ਧੰਦਾ ਕਰਨ ਦੇ ਮਾਮਲੇ ਵਿੱਚ ਭਾਰਤੀ ਪਤੀ-ਪਤਨੀ ਸਮੇਤ 5 ਵਿਅਕਤੀਆਂ ਵਿਰੁੱਧ ਦੋਸ਼ ਆਇਦ ਕੀਤੇ ਗਏ ਹਨ। ਉਹ ਅਲੈਗਜੰਡਰੀਆ, ਵਰਜੀਨੀਆ ਦੀ ਇੱਕ ਸੰਘੀ ਅਦਾਲਤ ਵਿੱਚ ਪੇਸ਼ ਹੋਏ।ਵਰਜੀਨੀਆ ਦੇ ਪੂਰਬੀ ਜਿਲੇ ਦੇ ਅਟਾਰਨੀ ਦਫਤਰ ਅਨੁਸਾਰ ਅਦਾਲਤ ਵਿੱਚ ਦਾਇਰ ਦੋਸ਼ਾਂ ਅਨੁਸਾਰ ਕੋਸ਼ਾ ਸ਼ਰਮਾ (52) ਤੇ ਉਸ ਦੇ ਪਤੀ ਤਰੁਨ ਸ਼ਰਮਾ (55) ਨੇ ਮਈ 2023 ਵਿਚ ਆਪਣੀ ਕੰਪਨੀ ਕੋਸ਼ਾ ਐਲ ਐਲ ਸੀ ਰਾਹੀਂ ਪਟੇ 'ਤੇ ਇਕ ਮੋਟਲ ਲਿਆ ਸੀ। ਇਸਤਗਾਸਾ ਪੱਖ ਅਨੁਸਾਰ ਮੋਟਲ ਦੀ ਤੀਸਰੀ ਮੰਜਿਲ 'ਤੇ ਡਰੱਗ ਤੇ ਦੇਹ ਵਪਾਰ ਦਾ ਧੰਦਾ ਹੁੰਦਾ ਸੀ। ਜਾਂਚਕਾਰਾਂ ਅਨੁਸਾਰ ਕਥਿੱਤ ਤੌਰ 'ਤੇ ਵੇਚੇ ਜਾਂਦੇ ਨਸ਼ੀਲੇ ਪਦਾਰਥਾਂ ਵਿੱਚ ਫੈਂਟਾਨਾਇਲ ਤੇ ਕੋਕੀਨ ਸ਼ਾਮਿਲ ਹਨ। ਇਸ ਮਾਮਲੇ ਵਿੱਚ ਪਤੀ- ਪਤਨੀ ਤੋਂ ਇਲਾਵਾ ਤੀਸਰੇ ਦੋਸ਼ੀ 51 ਸਾਲਾ ਮਾਰਗੋ ਵਾਲਡਨ ਪੀਅਰਸ ਤੇ ਦੋ ਹੋਰ ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਨਸ਼ੀਲੇ ਪਦਾਰਥਾਂ ਸਬੰਧੀ ਲਾਏ ਦੋਸ਼ਾਂ ਤਹਿਤ 10 ਸਾਲ ਤੱਕ ਸਜ਼ਾ ਦੀ ਵਿਵਸਥਾ ਹੈ ਜੋ ਸਜ਼ਾ ਸੰਘੀ ਅਦਾਲਤ ਦੁਆਰਾ ਤੈਅ ਕੀਤੀ ਜਾਣੀ ਹੈ।

ਆਪਣੇ ਵਪਾਰ ਦੇ ਵਾਧੇ ਲਈ
ਇਸ਼ਤਿਹਾਰ ਪਾਉਣ ਲਈ ਫੋਨ ਕਰੋ
604-590-5200



## Over 30 Years of Industry Experience

# MULTANI LAW GROUP

ਆਪਣੀ ਪ੍ਰੇਸ਼ਾਨੀ ਨੂੰ ਘਟਾਉਣ, ਆਪਣਾ ਹੱਕ ਲੈਣ ਅਤੇ ਆਪਣੀ ਜ਼ਿੰਦਗੀ ਨੂੰ
ਸਹੀ ਰਸਤੇ ਤੇ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ



Gerald F. Robison
Senior Attorney

MULTANI LAW GROUP

**Jashan Multani**

**206-243-4219**



Jashan Multani
Associate Partner

## ਅਸੀਂ ਭਰੋਸੇਯੋਗ ਕਾਨੂੰਨੀ ਸਲਾਹ ਪ੍ਰਦਾਨ ਕਰਦੇ ਹਾਂ

**Services we provide:**

- Immigration/Political Asylum
  U-Visa, Vawa,
-SIJ Guardianship Cases
- Car Accidents/Personal Injury
- Evictions

**ਅਸੀਂ ਇਹ ਸੇਵਾਵਾਂ ਪ੍ਰਦਾਨ ਕਰਦੇ ਹਾਂ**

–ਇੰਮੀਗਰੇਸ਼ਨ/ਪੁਲਿਟੀਕਲ ਅਸਾਈਲਮ,
ਯੂ–ਵੀਜਾ, ਵਾਅਵਾ,
–SIJ ਗਾਰਡੀਅਨਸ਼ਿਪ ਕੇਸ
–ਕਾਰ ਐਕਸੀਡੈਂਟ/ਪ੍ਰਸਨਲ ਇਨਜਰੀ
–ਕਿਰਾਏਦਾਰ ਕੱਢਣਾ

**Website:multanilawgroup.com**

**Email:Jashan@multanilawgroup.com**

Add: 13106 S. East 240th St., #110, Kent, WA 98031


ਸਿਆਟਲ ਨਿਵਾਸੀਆਂ ਦਾ ਜਾਣਿਆਂ ਪਹਿਚਾਣਿਆਂ ਤੇ ਭਰੋਸੇਮੰਦ
USA TRAVEL
FLY from Seattle to India
We Represent All Major Airlines
TURKISH AIRLINES
QATAR AIRWAYS القطرية
DELTA
Emirates
Lufthansa
Lowest Fare Guaranteed
We will beat any fare given in Kent/Seattle Area by Any Travel Agency
24 Hr Emergency
Call Amit Juneja: 206-992-2724
Now 2 Locations To Serve You
23609 104th Ave SE #101, Kent WA 98031
Ph: 253-867-0450 | 253-867-0451
1729 208th St Suite #202, Bothell WA 98012
Ph: 425-420-1888 | 425-420-1889
Email: info@usatravelguru.com
Website: www.usatravelguru.com
India Special FARES
USA Travel Services is your one-stop shop for all of your travel needs.
• Power of Attorney,
• Affidavits, Passports,
• Renunciations
• OCI • Notary Public •
• Translation - Hindi / Punjabi
• Uk & India Online Visa Available
• ਮੁਖਤਿਆਰਨਾਮਾ,
• ਐਫੀਡੈਵਿਟ, ਪਾਸਪੋਰਟ,
• ਓ.ਸੀ.ਆਈ.
• ਨੋਟਰੀ ਪਬਲਿਕ
• ਪੰਜਾਬੀ ਇੰਗਲਿਸ਼ ਦੀ ਟ੍ਰਾਂਸਲੇਸ਼ਨ
• ਇੰਡੀਆ ਦਾ ਵੀਜ਼ਾ
ਅਤੇ ਪਾਸਪੋਰਟ ਬਣਵਾਉ








OPEN 6 DAYS A WEEK,
TUESDAY CLOSED

OPENING HOURS
Lunch hours from 11am -2:30pm
Dinner Hours from 5pm-9pm, Last Seating is 8:30pm

The Only True Punjabi (Indian) Vegetarian In Renton

← New Pabla Ready To Eat Frozen Cuisine Available →
Renton Location has Full Grocery Store & Sweet Shop
East Indian Spices, Dairy Products,
ਤੁਸੀਂ ਇਥੋਂ ਤਾਜਾ ਸਵਾਦਲੀਆਂ ਮਠਿਆਈਆਂ ਖਰੀਦ ਸਕਦੇ ਹੋ




ਪਾਬਲਾ ਇੰਡੀਅਨ ਕੁਜ਼ੀਨ ਦੀ ਰੈਂਟਨ ਵਾਲੀ ਲੋਕੇਸ਼ਨ ਤੋਂ ਤੁਸੀਂ ਹਰ ਤਰ੍ਹਾਂ ਦੀ ਭਾਰਤੀ ਗਰੋਸਰੀ, ਮਿਠਾਈ, ਇੰਡੀਅਨ ਮਸਾਲੇ ਡੇਅਰੀ ਲੈ ਸਕਦੇ ਹੋ।

# Pabla Indian Cuisine

Phone: 425-228-4625 Fax: 425-228-4629
Serving Washington for 27 years.
www.pablacuisine.com
pablacuisine@gmail.com

# PABLA PUNJABI PALACE

2nd Location Now Open in Federal Way, WA
2020 S 314th St, Federal Way, WA 98003 (Hillside Plaza)
• Marriage Parties •Birthday Parties •Mehndi Parties • Business Meetings •Any Kind Of Functions
Specials: Take out 7 Days a week
DJ, Dance Floor, Catering for
All Occasions, Big TV Screens & Family Atmosphere
Seating for 1200 people



ਹੁਣ ਤੁਸੀਂ ਇਸ ਲੋਕੇਸ਼ਨ ਤੋਂ ਇੰਡੀਅਨ ਗਰੋਸਰੀ ਅਤੇ ਮਠਿਆਈਆਂ ਵੀ ਲੈ ਸਕਦੇ ਹੋ
For booking your event Please call Jas pabla At
Ph: 206-769-5559 Email: pablajas@yahoo.com

# PIZZA STATION

15300 33rd Ave S. Suite130, Seatac WA
10% Off All Orders
ਇਥੋਂ ਤੁਸੀਂ ਤਾਜੇ ਅਦਰਕ ਧਨੀਏ ਵਾਲੇ ਪੀਜੇ ਦੇ ਨਾਲ-ਨਾਲ ਭਾਰਤੀ ਗਰੌਸਰੀ ਵੀ ਬਹੁਤ ਘੱਟ ਕੀਮਤਾਂ ਤੇ ਖਰੀਦ ਸਕਦੇ ਹੋ।



PH:206-644-4133
Sun to Thurs: 10 am-10 pm
Fri/Sat: 10 am to 11pm
Email:info@pizzastationwa.com

# Space Available for your Ad

ਪੰਜਾਬ ਗਾਰਡੀਅਨ ਨਾਲ
ਐਡ ਪਾਉ ਅਤੇ ਆਪਣਾ
ਬਿਜ਼ਨਸ ਵਧਾਓ



Call to Advertise 604-590-5200

# Boulevard Market



ਇੰਡੀਅਨ ਗਰੌਸਰੀ ਅਤੇ ਤਾਜੀਆਂ ਸਬਜੀਆਂ/ਫਲਾਂ ਦਾ ਸਟੋਰ ਜਿੱਥੋਂ ਤੁਸੀਂ ਸਭ ਤੋਂ ਘੱਟ ਕੀਮਤਾਂ ਤੇ ਬਹੁਤ ਹੀ ਸਾਫ ਸੁਥਰੀਆਂ ਦਾਲਾਂ ਅਤੇ ਤਾਜੀਆਂ ਸਬਜੀਆਂ, ਹਰ ਪ੍ਰਕਾਰ ਦੀ ਗਰੌਸਰੀ ਖਰੀਦ ਸਕਦੇ ਹੋ, ਸਬਜੀਆਂ ਤੇ ਫਲ ਫਰੂਟ ਹਰ ਰੋਜ ਤਾਜੇ ਮੰਗਵਾਏ ਜਾਂਦੇ ਹਨ।

Opening Hours: 9 am to 9 pm (7Days Week)
PH:206-644-4010

# TEAM ARMY

## REAL ESTATE

Specialties:Buyers's Agent
Listing Agent-Short Sale
*RESIDENTIAL *COMMERCIAL
ਕਿਸੇ ਵੀ ਤਰ੍ਹਾਂ ਦੀ ਕਮਰਸ਼ੀਅਲ ਜਾਂ ਰੈਜੀਡੈਂਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਹਮੇਸ਼ਾਂ ਯਾਦ ਰੱਖੋ।

## MORTGAGE

Specialties:Loan Specialist
Many Financing Options Available
*RESIDENTIAL *COMMERCIAL
ਕਿਸੇ ਵੀ ਤਰ੍ਹਾਂ ਦੀ ਕਮਰਸ਼ੀਅਲ ਜਾਂ ਰੈਜੀਡੈਂਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਰੀਫਾਇਨੈਂਸਿੰਗ ਲਈ ਕਿਸੇ ਵੀ ਤਰ੍ਹਾਂ ਦੀ ਮੌਰਗੇਜ ਲੈਣ ਲਈ ਯਾਦ ਰੱਖੋ

Maj Parminder (Pari) Mann
Ex Indian Army
SKYLINE PROPERTIES, INC
Cell:425-499-9704
email:parimann@gmail.com






Col Navtej Nijjar
NMLS 1484258
LA Financial Services
Cell:206-334-4035
email:nijjar.n@gmail.com

AUBURN'S MAIN SUPERMARKET
INDIAN GROCERIES-LIQUOR-WINE
1119E Main St. Auburn, WA 98002
Store hours: Mon-Sat: 8:00 AM - 10:00 PM Sun: 8:00 AM - 9:00 PM
Lowest Prices in Town WIDE VARIETY OF FROZEN FOOD
When you spend $50 or more,get 5% discount
When you spend $100 or more,get 10% discount Discount only apply to Indian Grocery




FREE PANI-PURI
FRI-SUN (12PM 5PM)
ONLY 4 Pani Puri/CUSTOMER
ALL KINDS OF HOUSEHOLD UTENSILS (BARTAN) AVAILABLE
BLANKETS ARE ALSO AVAILABILE IN KING, QUEEN, TWIN SIZES
Fresh SugarCane Juice Everyday
Ph:253-249-7430, Cell:253-205-9981
www.auburnsmainsupermarket.com *All prices are marked down

Kaurs
Tax And Accounting
Trucking Compliance
• IFTA
• IRP Registration
• LLC Registration
• Permits and Licensing
• Drug and Alcohal
• Clearing House
• Dot Compliance
• FMCSA Compliance
• DOT Audit Support
• Heavy Highway Tax
• MCS-150
Professional Assistance Filling
• OCI • UK Visa
• Passport • Indian Visa
• Power Of Attorney
• Immigration Petition
• Permit & Citizenship
• Health Insurance
• Affidavit
ਇਹ ਸੇਵਾਵਾਂ ਪੰਜਾਬੀ/ਹਿੰਦੀ ਵਿੱਚ ਵੀ ਉਪਲੱਬਧ ਹਨ।
Tax Services
• Tax Filing & Planning
• Personal & Business
• Notary Public
• Payroll Service
ਵਧੀਆ ਅਤੇ ਭਰੋਸੇਮੰਦ ਪ੍ਰੋਫੈਸ਼ਨਲ ਅਕਾਊਂਟਿੰਗ ਅਤੇ ਟੈਕਸ ਸੇਵਾਵਾਂ ਲਈ ਸੰਪਰਕ ਕਰੋ:



Jaz Kaur Randhawa
Ph:206-472-9602
702 S Hill Park Dr
Suite 202
Puyallup, WA 98373
accounting@kaurs.net
trucking@kaurs.net
Web:www.kaurs.net

WEST CAPITAL LENDING
YOUR PREFFERRED LOCAL LENDER
• ਪੰਜਾਬੀ ਕਮਿਊਨਿਟੀ ਲਈ ਬੇਹਤਰ ਸੇਵਾਵਾਂ
• ਪਹਿਲੀ ਵਾਰ ਘਰ ਖਰੀਦਣ ਵਾਲਿਆਂ ਲਈ ਮੱਦਦ
• ਗੈਸ ਸਟੇਸ਼ਨ, ਹੋਟਲ, ਮੋਟਲ, ਰੈਸਟੋਰੈਂਟਾ ਤੇ ਹੋਰ ਛੋਟੇ ਬਿਜਨਸਾਂ ਲਈ ਵੀ ਅਸੀਂ ਮੌਰਗੇਜ ਦਾ ਪ੍ਰਬੰਧ ਕਰਦੇ ਹਾਂ
-CONVENTIONAL -FHA -VA Loans -30YR/15YR/10YR FIXED -DSCR
-P&L -30 DAY SOFR ARM -1099 PROGRAM -7/6 SOFR ARMS
-LOT/CUSTOM CONSTRUCTION LOAN AVAILABLE
-24/12 BANK STATEMENT LOANS



ਮੌਰਗੇਜ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਮੱਦਦ ਜਾਂ ਜਾਣਕਾਰੀ ਲੈਣ ਲਈ ਮੇਰੇ ਨਾਲ ਸੰਪਰਕ ਕਰੋ
ਘੱਟ ਰੇਟਾਂ ਦੀ ਗਰੰਟੀ
KESSHAV SHARMA
BRANCH MANAGER
WEST CAPITAL LENDING
Call/text (425) 239-4517
ksharma@westcapitallending.com
westcapitallending.com
NMLS# 2468293 I NMLS# 1566096 I DRE# 02022356
24 Executive Park, Ste 250 Irvine, CA 92614

Ready to grow your business?
Count on us for solutions.
Gifty Singh
Bellevue
400 112th Ave NE
206-909-5226
BANNER BANK
bannerbank.com Member FDIC

JAG'S PIZZA
ਇੰਡੀਅਨ ਸਟਾਈਲ ਪੀਜ਼ਾ ਮੈਰਿਸਵੈੱਲ ਵਿਚ
ਜਿੱਥੇ ਤੁਹਾਡੇ ਸਵਾਦ ਅਨੁਸਾਰ ਵਧੀਆ ਅਦਰਕ ਧਨੀਆ ਵਾਲੇ ਮਸਾਲੇਦਾਰ ਤੰਦੂਰੀ ਚਿਕਨ, ਬਟਰ ਚਿਕਨ, ਕੜਾਹੀ ਚਿਕਨ, ਸ਼ਾਹੀ ਪਨੀਰ, ਤੰਦੂਰੀ ਪਨੀਰ, ਕੜਾਹੀ ਪਨੀਰ ਅਤੇ ਹਰ ਤਰ੍ਹਾਂ ਦੇ ਵੈਜੀਟੇਰੀਅਨ ਪੀਜ਼ੇ ਬਣਾਏ ਜਾਂਦੇ ਹਨ
PH:360-386-9508
5830 B, Grove St, Marysville, WA
(Inside Shell Gas Station Plaza)
www.jagspizza.com
OPEN 7 DAYS A WEEK SUNDAY TO THURSDAY:11AM TO 10PM
FRIDAY & SATURDAY:11AM TO 11.30PM

HG TAX AND ACCOUNTING
25228 104th AVE SE Suite 103 Kent, WA 98030
IT'S TIME TO SAVE ON YOUR TAXES
OPEN M-F: 10 AM to 6 PM
SAT: 11 AM to 4 PM
SUN: By Appointment
Harpreet Singh, J.D. (253) 202-4516

LANCER TRUCKING LLC
21307-116TH AVE SE, KENT, WA 98031-2206
Running all across United States



Privately owned transportation company that specialized in truckload, less than truckload (LTL) and expedited service with the most competitive rates, quality service. Let us handle your load.
Ph:206-849-1313

ਵਾਸ਼ਿੰਗਟਨ ਦਾ ਸਭ ਤੋਂ ਵੱਡਾ ਇੰਡੀਅਨ ਗਰੌਸਰੀ ਸਟੋਰ
ਇਥੋਂ ਤੁਸੀਂ ਹਰ ਤਰ੍ਹਾਂ ਦੀ ਇੰਡੀਅਨ, ਨੇਪਾਲੀ, ਫਿਜੀ, ਮਿਡਲ ਈਸਟਰਨ, ਏਸ਼ੀਅਨ ਗਰੌਸਰੀ ਲੈ ਸਕਦੇ ਹੋ
GROCERY SINGH
SAT SRI AKAL
LIQUOR - WINE
BEER AVAILABLE



ਇੱਥੇ ਫਰੈੱਸ਼ ਪ੍ਰੋਡਿਊਸ, ਮੀਟ, ਮਠਿਆਈਆਂ ਤੇ ਹੋਰ ਬਹੁਤ ਕੁਝ ਉਪਲਬਧ ਹੈ
We Accept EBT Benefits SNAP
Now HIRING
ਸਾਨੂੰ ਕੰਮ ਕਰਨ ਲਈ ਵਰਕਰਾਂ ਦੀ ਲੋੜ ਹੈ
1825 BROADWAY, EVERETT WA 98201
425-374-7550 / 206-786-0870